


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 15 ਫਰਵਰੀ 2025

Email:- lokbani08@gmail.com




R. N. I. Punpun/29016/2008 ✶ ਸਾਲ 15 , ✶ ਅੰਕ : 242, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਭਾਰਤ ਨੂੰ ਬਰਾਬਰ ਦੇ ਟੈਰਿਫ ਤੋਂ ਨਾ ਦਿੱਤੀ ਛੋਟ

ਵਾਸ਼ਿੰਗਟਨ, ਲੋਕ ਬਾਣੀ- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਇੱਥੇ ਵ੍ਹਾਈਟ ਹਾਊਸ ’ਚ ਦੁਵੱਲੀ ਵਾਰਤਾ ਕੀਤੀ ਗਈ ਜਿਸ ਦੌਰਾਨ ਦੋਵਾਂ ਆਗੂਆਂ ਨੇ ਆਰਥਿਕ, ਸਮਾਜਿਕ, ਖੇਤਰੀ ਤੇ ਆਲਮੀ ਮਸਲਿਆਂ ’ਤੇ ਵਿਚਾਰ ਚਰਚਾ ਕੀਤੀ ਅਤੇ ਵੱਖ ਵੱਖ ਖੇਤਰਾਂ ’ਚ ਆਪਸੀ ਸਹਿਯੋਗ ਵਧਾਉਣ ਤੇ ਮਜ਼ਬੂਤ ਕਰਨ ਬਾਰੇ ਸਹਿਮਤੀ ਪ੍ਰਗਟਾਈ। ਇਸ ਮੁਲਾਕਾਤ ਨੂੰ ਪ੍ਰਧਾਨ ਮੰਤਰੀ ਮੋਦੀ



ਨੇ ਜਿੱਥੇ ਉਸਾਰੂ ਦੱਸਿਆ ਉੱਥੇ ਹੀ ਟਰੰਪ ਨੇ ਮੋਦੀ ਨੂੰ ‘ਮਹਾਨ ਦੋਸਤ’ ਤੇ ‘ਸ਼ਾਨਦਾਰ ਆਦਮੀ’ ਦੱਸਿਆ।

## ਭਾਰਤ ਗੈਰਕਾਨੂੰਨੀ ਪਰਵਾਸੀਆਂ ਨੂੰ ਵਾਪਸ ਲੈਣ ਲਈ ਤਿਆਰ: ਮੋਦੀ

ਚੰਡੀਗੜ੍ਹ, ਲੋਕ ਬਾਣੀ- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕਾ ਵਿੱਚ ਗੈਰ-ਕਾਨੂੰਨੀ ਇਮੀਗ੍ਰੇਸ਼ਨ ਦੇ ਮੁੱਦੇ ਉੱਤੇ ਸਪੱਸ਼ਟ ਤੌਰ ’ਤੇ ਕਿਹਾ ਕਿ ਜੋ ਲੋਕ ਕਿਸੇ ਹੋਰ ਦੇਸ਼ ਵਿੱਚ ਗੈਰ-ਕਾਨੂੰਨੀ ਤੌਰ ’ਤੇ ਰਹਿ ਰਹੇ ਹਨ, ਉਨ੍ਹਾਂ ਨੂੰ ਉੱਥੇ ਰਹਿਣ ਦਾ ਕੋਈ ਕਾਨੂੰਨੀ ਅਧਿਕਾਰ ਨਹੀਂ ਹੈ।ਉਨ੍ਹਾਂ ਕਿਹਾ ਕਿ ਭਾਰਤ ਨੇ ਹਮੇਸ਼ਾ ਇਹ ਕਿਹਾ ਹੈ ਕਿ ਉਹ ਅਮਰੀਕਾ ਵਿੱਚ ਗੈਰ-ਕਾਨੂੰਨੀ ਤੌਰ ’ਤੇ ਰਹਿ ਰਹੇ ਭਾਰਤੀ ਨਾਗਰਿਕਾਂ ਨੂੰ ਵਾਪਸ ਲੈਣ ਲਈ ਤਿਆਰ ਹੈ ਜੇਕਰ ਉਨ੍ਹਾਂ ਦੀ ਪਛਾਣ ਦੀ



ਪੁਸ਼ਟੀ ਹੋ ਜਾਂਦੀ ਹੈ। ਹਾਲਾਂਕਿ, ਪ੍ਰਧਾਨ ਮੰਤਰੀ ਮੋਦੀ ਨੇ ਸਮੱਸਿਆ ਦੇ ਡੂੰਘੇ ਕਾਰਨਾਂ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਇਹ ਸਿਰਫ਼ ਪ੍ਰਵਾਸੀਆਂ ਦੀ ਵਾਪਸੀ ਦਾ ਮਾਮਲਾ ਨਹੀਂ ਹੈ।

## ਗੁਆਂਢੀ ਵੱਲੋਂ ਨਾਬਾਲਗ ਨਾਲ ਜਬਰ-ਜਨਾਹ

ਨਵੀਂ ਦਿੱਲੀ ਲੋਕ ਬਾਣੀ-ਉੱਤਰ-ਪੂਰਬੀ ਦਿੱਲੀ ਦੇ ਕਰਾਵਲ ਨਗਰ ਇਲਾਕੇ ’ਚ ਇਕ 17 ਸਾਲਾ ਲੜਕੀ ਨਾਲ ਉਸ ਦੇ ਗੁਆਂਢੀ ਨੇ ਕਥਿਤ ਤੌਰ ’ਤੇ ਜਬਰ ਜਨਾਹ ਕਰਨ ਸਬੰਧੀ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲੀਸ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਕੇ ਪੁੱਛਗਿੱਛ ਸ਼ੁਰੂ ਕਰ ਦਿੱਤੀ ਗਈ ਹੈ। ਪੁਲੀਸ ਅਧਿਕਾਰੀ ਨੇ ਦੱਸਿਆ ਕਿ ਲੜਕੀ ਅਨੁਸਾਰ ਮੁਲਜ਼ਮ ਗੁਆਂਢੀ ਨੇ



ਉਸ ਨੂੰ ਕਿਸੇ ਕੰਮ ਦੇ ਬਹਾਨੇ ਕਰਾਵਲ ਨਗਰ ਸਥਿਤ ਘਰ ’ਚ ਬੁਲਾਇਆ। ਜਦੋਂ ਉਹ ਪਹੁੰਚੀ ਤਾਂ ਮੁਲਜ਼ਮ ਨੇ ਉਸ ਨਾਲ ਜਬਰ ਜਨਾਹ ਕੀਤਾ।

## ਸਿਆਸੀ ਪਾਰਟੀਆਂ ਨੂੰ RTI ਤਹਿਤ ਲਿਆਉਣ ਬਾਰੇ ਸੁਣਵਾਈ ਕਰੇਗੀ Supreme Court

ਨਵੀਂ ਦਿੱਲੀ ਲੋਕ ਬਾਣੀ- ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਸੂਚਨਾ ਅਧਿਕਾਰ (ਆਰਟੀਆਈ) ਐਕਟ ਦੇ ਦਾਇਰੇ ਵਿੱਚ ਲਿਆਉਣ ਲਈ ਨਿਰਦੇਸ਼ ਦੇਣ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ ‘ਤੇ ਸੁਣਵਾਈ ਆਗਾਮੀ ਅਪਰੈਲ ਮਹੀਨੇ ’ਤੇ ਪਾ ਦਿੱਤੀ ਹੈ।ਭਾਰਤ ਦੇ ਚੀਫ਼ ਜਸਟਿਸ (3•9) ਸੰਜੇ ਕੁਮਾਰ ਦੇ ਬੈਂਚ ਨੇ ਸਾਰੀਆਂ ਧਿਰਾਂ ਨੂੰ ਮਾਮਲੇ ਵਿੱਚ ਸਾਰੀਆਂ ਪਟੀਸ਼ਨਾਂ ਤੇ ਬੇਨਤੀਆਂ ਨੂੰ ਪੂਰਾ ਕਰਨ ਅਤੇ ਸੁਣਵਾਈ 21



ਅਪਰੈਲ ਤੋਂ ਸ਼ੁਰੂ ਹੋਣ ਵਾਲੇ ਹਫ਼ਤੇ ਵਿੱਚ ਲਈ ਪੋਸਟ ਕਰਨ ਵਾਸਤੇ ਕਿਹਾ ਹੈ।

ਸੁਪਰੀਮ ਕੋਰਟ ਅਜਿਹੀਆਂ ਕਈ ਪਟੀਸ਼ਨਾਂ ਦੀ ਸੁਣਵਾਈ ਕਰ ਰਹੀ ਹੈ,

## ਨਸ਼ਾ ਤਸਕਰੀ ਦੇ ਦੋਸ਼ ਹੇਠ ਦੋ ਗ੍ਰਿਫ਼ਤਾਰ

ਚੰਡੀਗੜ੍ਹ, ਲੋਕ ਬਾਣੀ ਚੰਡੀਗੜ੍ਹ ਪੁਲੀਸ ਦੀ ਕ੍ਰਾਈਮ ਬਰਾਂਚ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਪੁਲੀਸ ਰਾਤ ਗਾਰਡਨ ਆਫ ਫਰੈਗਰੈਂਸ ਸੈਕਟਰ-36 ਚੰਡੀਗੜ੍ਹ ਨੇੜੇ ਗਸ਼ਤ ਕਰ ਰਹੀ ਸੀ। ਇਸ ਦੌਰਾਨ ਪੁਲੀਸ ਨੇ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ ’ਤੇ ਰੋਕ ਕੇ ਤਲਾਸ਼ੀ ਲੈਣ ਲਈ ਤਾਂ 13.71 ਗ੍ਰਾਮ ਆਈਸੀਈ (ਨਸ਼ੀਲਾ ਪਦਾਰਥ) ਬਰਾਮਦ ਹੋਇਆ। ਮੁਲਜ਼ਮ ਦੀ ਪਛਾਣ ਧਰਮਗਿਆ ਤ੍ਰਿਪਾਠੀ ਵਾਸੀ ਕਰਨਾਲ



ਵਜੋਂ ਹੋਈ ਹੈ। ਉਸ ਦੇ ਇਥੇ ਵੀਆਈਪੀ ਰੋਡ ਜ਼ੀਰਕਪੁਰ ਮੁਹਾਲੀ ਵਿਖੇ ਫਲੈਟ ਦੀ ਤਲਾਸ਼ੀ ਦੌਰਾਨ 15.38 ਗ੍ਰਾਮ ਦੇ 30 ਕੋਕਾ ਬਾਲ ਅਤੇ 13.77 ਗ੍ਰਾਮ ਹੈਰੋਇਨ ਬਰਾਮਦ ਹੋਈ।

## ਨਸ਼ੀਲੀਆਂ ਗੋਲੀਆਂ ਸਣੇ ਤਿੰਨ ਗ੍ਰਿਫ਼ਤਾਰ

ਜਲੰਧਰ ਲੋਕ ਬਾਣੀ- : ਦਿਹਾਤੀ ਪੁਲੀਸ ਨੇ ਦੋ ਵੱਖ-ਵੱਖ ਮਾਮਲਿਆਂ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ 521 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਦੋ ਵਾਹਨ ਵ ਜ਼ਬਤ ਕੀਤੇ ਹਨ। ਐੱਸਐੱਸਪੀ ਜਲੰਧਰ ਦਿਹਾਤੀ ਹਰਕਮਲਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਮਕਸੂਦਾਂ ਥਾਣੇ ਟੀਮ ਨੇ ਰਾਏਪੁਰ ਰਸੂਲਪੁਰ ਨਹਿਰ ਨੇੜੇ ਇੱਕ ਸਵਿਫਟ ਡਿਜ਼ਾਇਰ ਕਾਰ



’ਚੋਂ ਹਰਗੋਬਿੰਦ ਨਗਰ ਦੇ ਜਸਵੀਰ ਸਿੰਘ ਤੇ ਕਾਹਨਪੁਰ ਦੇ ਲਖਵੀਰ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ, ਜਿਨ੍ਹਾਂ ਕੋਲੋਂ, 250 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ।

## ਸਰਹੱਦੀ ਖੇਤਰਾਂ ਵਿੱਚ ਨਸ਼ਿਆਂ ਦੀ ਖੇਪ ਦੀ ਬਰਾਮਦਗੀ ਵਧਣ ਦਾ ਦਾਅਵਾ

ਅੰਮ੍ਰਿਤਸਰ, ਲੋਕ ਬਾਣੀ- ਵਿਸ਼ੇਸ਼ ਡੀਜੀਪੀ (ਲਾਅ ਐਂਡ ਆਰਡਰ) ਅਰਪਿਤ ਸ਼ੁਕਲਾ ਨੇ ਕਿਹਾ ਕਿ ਪੰਜਾਬ ਨਾਲ ਲੱਗਦੀ ਅੰਤਰਰਾਸ਼ਟਰੀ ਸਰਹੱਦ ’ਤੇ ਡਰੋਨਾਂ ਦੀ ਆਮਦ ਅਤੇ ਨਸ਼ੀਲੇ ਪਦਾਰਥਾਂ ਤੇ ਹਥਿਆਰਾਂ ਦੀ ਬਰਾਮਦਗੀ ਦੀਆਂ ਘਟਨਾਵਾਂ ਵੱਧ ਗਈਆਂ ਹਨ। ਪੰਜਾਬ ਪੁਲੀਸ ਸੀਮਾ ਸੁਰੱਖਿਆ ਬਲ ਤੋਂ ਬਾਅਦ ਦੂਜੀ ਸੁਰੱਖਿਆ ਲਾਈਨ ਵਜੋਂ ਸਰਹੱਦ ਨੇੜੇ ਕੰਮ ਕਰ ਰਹੀ ਹੈ। ਉਹ ਇੱਥੇ ਅੰਮ੍ਰਿਤਸਰ ਬਾਰਡਰ ਰੇਂਜ ਅਧੀਨ ਆਉਂਦੇ ਸਰਹੱਦੀ ਜ਼ਿਲ੍ਹਿਆਂ ਦੇ ਉੱਚ ਪੁਲੀਸ ਅਧਿਕਾਰੀਆਂ ਨਾਲ ਮੀਟਿੰਗ ਕਰਨ ਆਏ ਸਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਾ



ਤਸਕਰਾਂ ਦੀ ਘੁਸਪੈਠ ਅਤੇ ਹਰਕਤਾਂ ਨੂੰ ਰੋਕਣ ਲਈ ਭਾਰਤ-ਪਾਕਿਸਤਾਨ ਸਰਹੱਦ ਨੇੜੇ ਨਾਜ਼ੁਕ ਥਾਵਾਂ ’ਤੇ ਸੀਸੀਟੀਵੀ ਕੈਮਰੇ ਲਗਾਉਣ ਲਈ 30 ਕਰੋੜ ਰੁਪਏ ਜਾਰੀ ਕੀਤੇ ਹਨ। ਹੋਇਆ ਹੈ।

## ਸੜਕ ਹਾਦਸੇ ’ਚ ਔਰਤ ਹਲਾਕ, ਇੱਕ ਜ਼ਖਮੀ

ਸੁਨਾਮ ਊਧਮ ਸਿੰਘ ਵਾਲਾ ਲੋਕ ਬਾਣੀ --ਇਥੋਂ ਦੀ ਸੁਨਾਮ-ਮਾਨਸਾ ਸੜਕ ’ਤੇ ਸਥਾਨਕ ਸਰਹਿੰਦ ਚੋਅ ਦੇ ਪੁਲ ਨੇੜੇ ਹਾਦਸੇ ’ਚ ਇਕ ਔਰਤ ਦੀ ਮੌਤ ਅਤੇ ਇਕ ਵਿਅਕਤੀ ਗੰਭੀਰ ਜ਼ਖਮੀ ਹੋ ਗਿਆ। ਪੁਲੀਸ ਥਾਣਾ ਸ਼ਹਿਰੀ ਸੁਨਾਮ ਊਧਮ ਸਿੰਘ ਵਾਲਾ ਦੇ ਸਹਾਇਕ ਥਾਣੇਦਾਰ ਸ਼ਾਮ ਸਿੰਘ ਨੇ ਦੱਸਿਆ ਕਿ ਬੀਤੀ ਸ਼ਾਮ ਪਰਮਾ ਨੰਦ ਬਸਤੀ ਮੋਰਾਂਵਾਲੀ ਦੀ ਰਹਿਣ ਵਾਲੀ ਪਰਮਜੀਤ ਕੌਰ ਨਾਂਅ ਦੀ ਔਰਤ ਸਥਾਨਕ ਇਕ ਭਾਂਡਿਆਂ ਵਾਲੀ ਫੈਕਟਰੀ ’ਚੋਂ ਕੰਮਕਾਜ ਤੋਂ ਵਿਹਲੀ ਹੋਕੇ ਉੱਥੇ ਹੀ ਕੰਮ ਕਰਦੇ ਹਰਦੀਪ ਸਿੰਘ ਨਾਲ ਮੋਟਰਸਾਈਕਲ ’ਤੇ ਘਰ ਪਰਤ ਰਹੀ



ਸੀ। ਜਿਵੇਂ ਹੀ ਉਹ ਸਰਹਿੰਦ ਚੋਅ ਦੇ ਪੁਲ ’ਤੇ ਆਏ ਤਾਂ ਪਿੱਛੇ ਤੋਂ ਆ ਰਹੇ ਕਿਸੇ ਅਣਪਛਾਤੇ ਵਾਹਨ ਨੇ ਉਨ੍ਹਾਂ ਨੂੰ ਆਪਣੀ ਲਪੇਟ ਵਿਚ ਲੈ ਲਿਆ ਜਿਸ ਕਾਰਨ ਮੋਟਰਸਾਈਕਲ ਸਵਾਰ ਦੋਵੇਂ ਗੰਭੀਰ ਜ਼ਖ਼ਮੀ ਹੋ ਗਏ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਵਿਜੀਲੈਂਸ ਬਿਊਰੋ ਨੇ ਏਐਸਆਈ ਤੇ ਉਸ ਦੇ ਵਿਚੋਲੇ ਨੂੰ 40,000 ਰੁਪਏ ਰਿਸ਼ਵਤ ਲੈਂਦੇ ਹੋਏ ਕਾਬੂ ਕੀਤਾ

ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਵਿਜੀਲੈਂਸ ਬਿਊਰੋ ਨੇ ਚਲਾਈ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦੌਰਾਨ ਵੀਰਵਾਰ ਨੂੰ ਈਵੀਐਸ ਸਾਊਥ ਅੰਮ੍ਰਿਤਸਰ ਵਿਖੇ ਤਾਇਨਾਤ ਇੱਕ ਸਹਾਇਕ ਸਬ ਇੰਸਪੈਕਟਰ (ਏਐਸਆਈ) ਗੁਰਮੀਤ ਕੌਰ ਅਤੇ ਉਸਦੇ ਸਾਥੀ ਹਰਪ੍ਰੀਤ ਸਿੰਘ, ਜੋ ਕਿ ਇੱਕ ਵਿਅਕਤੀ ਹੈ, ਨੂੰ 40,000 ਰੁਪਏ ਦੀ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।



ਅੱਜ ਇੱਥੇ ਇਹ ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਉਪਰੋਕਤ ਮੁਲਜ਼ਮਾਂ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੀ ਤਹਿਸੀਲ ਬਾਬਾ ਬਕਾਲਾ ਦੇ ਪਿੰਡ ਵਜ਼ੀਰ ਭੁੱਲਰ ਦੇ ਵਸਨੀਕ ਸਿਕੰਦਰ ਸਿੰਘ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਕਿ ਉਪਰੋਕਤ ਏਐਸਆਈ ਦੁਆਰਾ ਜਾਂਚ ਕੀਤੇ ਜਾ ਰਹੇ ਇੱਕ ਪੁਲਿਸ ਕੇਸ ਵਿੱਚ ਉਸਦੀ (ਸ਼ਿਕਾਇਤਕਰਤਾ), ਉਸਦੇ ਪਿਤਾ ਅਤੇ ਭਰਾ ਦਾ ਪੱਖ ਲੈਣ ਬਦਲੇ 1,50,000 ਰੁਪਏ ਦੀ ਰਿਸ਼ਵਤ ਮੰਗੀ ਹੈ। ਇਹ ਏਐਸਆਈ ਪਹਿਲਾਂ ਹੀ ਗੂਗਲ ਪੇਅ ਰਾਹੀਂ ਉਸ ਕੋਲੋਂ 10,000 ਰੁਪਏ ਲੈ ਚੁੱਕੀ ਹੈ ਅਤੇ ਹੁਣ 40,000 ਰੁਪਏ ਰਿਸ਼ਵਤ ਦੀ ਦੂਜੀ ਕਿਸ਼ਤ ਦੀ ਮੰਗ ਕਰ ਰਹੀ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਤਸਦੀਕ ਤੋਂ ਬਾਅਦ ਅੰਮ੍ਰਿਤਸਰ ਰੇਂਜ ਦੀ ਇੱਕ ਵਿਜੀਲੈਂਸ ਬਿਊਰੋ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਇਸ ਏਐਸਆਈ ਦੇ ਉਪਰੋਕਤ ਸਾਥੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 40,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਤੋਂ ਬਾਅਦ ਉਕਤ ਮੁਲਜ਼ਮ ਏਐਸਆਈ ਨੂੰ ਵੀ ਇਸ ਮੁਕੱਦਮੇ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ।

ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਦੋਵਾਂ ਮੁਲਜ਼ਮਾਂ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਕਾਰਵਾਈ, ਅਣਅਧਿਕਾਰਤ ਸਕੂਲ ਬੱਸਾਂ 'ਤੇ ਐਕਸ਼ਨ, CP ਤੇ RTO ਨੂੰ ਲਿਖੀ ਚਿੱਠੀ

ਚੰਡੀਗੜ੍ਹ(ਲੋਕ ਬਾਣੀ) ਸੈਕਟਰ 32 ਸਥਿਤ ਇੱਕ ਨਿੱਜੀ ਸਕੂਲ ਦੀ ਵੈਨ ਦੀ ਟੱਕਰ ਨਾਲ 6 ਸਾਲਾ ਬੱਚੀ ਦੀ ਮੌਤ ਦਾ ਨੋਟਿਸ ਲੈਂਦੇ ਹੋਏ, ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਲੁਧਿਆਣਾ ਪੁਲਿਸ ਕਮਿਸ਼ਨਰ ਤੇ ਖੇਤਰੀ ਆਵਾਜਾਈ ਦਫ਼ਤਰ (ਆਰਟੀਓ) ਸਕੱਤਰ ਨੂੰ ਸਕੂਲੀ ਬੱਚਿਆਂ ਨੂੰ ਲਿਜਾਣ ਵਾਲੇ ਅਣਅਧਿਕਾਰਤ ਵਾਹਨਾਂ ਵਿਰੁੱਧ ਕਾਰਵਾਈ ਕਰਨ ਲਈ ਕਿਹਾ ਹੈ।



ਮਾਮਲੇ ਦੀ ਅਗਲੀ ਸੁਣਵਾਈ 11 ਮਾਰਚ ਨੂੰ ਹੋਵੇਗੀ। ਕਮਿਸ਼ਨ ਨੇ ਪੁਲਿਸ ਕਮਿਸ਼ਨਰ ਤੇ ਸਕੱਤਰ ਆਰਟੀਓ ਨੂੰ ਸੁਣਵਾਈ ਤੋਂ ਇੱਕ ਹਫ਼ਤਾ ਪਹਿਲਾਂ ਆਪਣੀ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ। ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਬਹੁਤ ਸਾਰੀਆਂ ਸਕੂਲ ਬੱਸਾਂ ਸੜਕਾਂ 'ਤੇ ਚੱਲਣ ਦੇ ਯੋਗ ਨਹੀਂ ਸਨ ਅਤੇ ਕੁਝ ਬੱਸਾਂ ਤਾਂ ਜ਼ਰੂਰੀ ਦਸਤਾਵੇਜ਼ਾਂ ਤੋਂ ਬਿਨਾਂ ਵੀ ਚੱਲ ਰਹੀਆਂ ਸਨ। ਕਮਿਸ਼ਨਰ ਨੇ ਇਹ ਵੀ ਕਿਹਾ ਕਿ ਵਿਦਿਆਰਥੀਆਂ ਨੂੰ ਲਿਜਾਣ ਵਾਲੀਆਂ ਕੁਝ ਬੱਸਾਂ ਸਕੂਲਾਂ ਨਾਲ ਰਜਿਸਟਰਡ ਨਹੀਂ ਸਨ।

ਸਕੂਲ ਦੇ ਅਧਾਰੇ ਵਿੱਚ ਇੱਕ ਸਕੂਲ ਬੱਸ ਦੀ ਟੱਕਰ ਨਾਲ 6 ਸਾਲਾ ਬੱਚੀ ਅਮਾਇਰਾ ਸੂਦ ਦੀ ਦੁਖਦਾਈ ਮੌਤ ਦਾ ਹਵਾਲਾ ਦਿੰਦੇ ਹੋਏ, ਕਮਿਸ਼ਨ ਨੇ ਕਿਹਾ ਕਿ ਕਿਉਂਕਿ ਇਸ ਮਾਮਲੇ ਵਿੱਚ ਐਫਆਈਆਰ ਦਰਜ ਕੀਤੀ ਗਈ ਹੈ, ਇਸ ਲਈ ਇਹ ਉਮੀਦ ਕੀਤੀ ਜਾਂਦੀ ਹੈ ਕਿ ਜਾਂਚ ਨਿਰਪੱਖ ਅਤੇ ਨਿਆਂਪੂਰਨ ਹੋਵੇਗੀ ਅਤੇ ਕਾਨੂੰਨ ਅਨੁਸਾਰ ਇਸ ਨੂੰ ਇਸ ਦੇ ਤਰਕਪੂਰਨ ਸਿੱਟੇ 'ਤੇ ਲਿਜਾਇਆ ਜਾਵੇਗਾ।

ਲਗਾਤਾਰ ਹਾਦਸਿਆਂ ਦਾ ਨੋਟਿਸ ਲੈਂਦੇ ਹੋਏ, ਡਿਪਟੀ ਕਮਿਸ਼ਨਰ (ਡੀ. ਸੀ.) ਜਤਿੰਦਰ ਜੋਰਵਾਲ ਨੇ 4 ਫਰਵਰੀ ਨੂੰ ਅਧਿਕਾਰੀਆਂ ਦੀ ਇੱਕ ਮੀਟਿੰਗ ਬੁਲਾਈ ਸੀ ਅਤੇ ਸਕੂਲਾਂ ਨੂੰ ਵਿਦਿਆਰਥੀਆਂ ਨੂੰ ਲਿਜਾਣ ਲਈ ਵਰਤੇ ਜਾਣ ਵਾਲੇ ਨਿੱਜੀ ਵਾਹਨਾਂ ਦੇ ਵੇਰਵੇ ਅਤੇ ਜ਼ਰੂਰੀ ਦਸਤਾਵੇਜ਼ ਪ੍ਰਸ਼ਾਸਨ ਨੂੰ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਸਨ।

# ਲੋਕ ਸਭਾ ਸਪੀਕਰ ਹਰਿਆਣਾ ਦੀ 15ਵੀਂ ਵਿਧਾਨ ਸਭਾ ਦੇ ਮੈਂਬਰਾਂ ਲਈ ਆਯੋਜਿਤ ਓਰੀਐਂਟੇਸ਼ਨ ਪ੍ਰੋਗਰਾਮ ਦਾ ਉਦਘਾਟਨ ਕਰਨਗੇ

ਨਵੀਂ ਦਿੱਲੀ; (ਲੋਕ ਬਾਣੀ) ਲੋਕ ਸਭਾ ਸਪੀਕਰ ਓਮ ਬਿਰਲਾ 14 ਫਰਵਰੀ, 2025 ਨੂੰ ਚੰਡੀਗੜ੍ਹ ਵਿੱਚ ਹਰਿਆਣਾ ਰਾਜ ਵਿਧਾਨ ਸਭਾ ਪਰਿਸਰ ਵਿੱਚ 15ਵੀਂ ਵਿਧਾਨ ਸਭਾ ਦੇ ਨਵੇਂ ਚੁਣੇ ਮੈਂਬਰਾਂ ਲਈ ਆਯੋਜਿਤ ਦੋ ਦਿਨਾਂ ਓਰੀਐਂਟੇਸ਼ਨ ਪ੍ਰੋਗਰਾਮ ਦਾ ਉਦਘਾਟਨ ਕਰਨਗੇ।



ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ; ਹਰਿਆਣਾ ਵਿਧਾਨ ਸਭਾ ਦੇ ਸਪੀਕਰ ਹਰਵਿੰਦਰ ਕਲਿਆਣ; ਹਰਿਆਣਾ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਭੂਪੇਂਦਰ ਸਿੰਘ ਹੁੱਡਾ; ਰਾਜ ਸਰਕਾਰ ਦੇ ਮੰਤਰੀ ਅਤੇ ਵਿਧਾਨ ਸਭਾ ਦੇ ਮੈਂਬਰ ਇਸ ਅਵਸਰ 'ਤੇ ਉਪਸਥਿਤ ਰਹਿਣਗੇ।

ਦੋ ਦਿਨਾਂ ਓਰੀਐਂਟੇਸ਼ਨ ਪ੍ਰੋਗਰਾਮ ਦੌਰਾਨ ਕੇਂਦਰੀ ਮੰਤਰੀ, ਸੰਸਦੀ ਕਮੇਟੀਆਂ ਦੇ ਚੇਅਰਪਰਸਨ, ਸੰਸਦ ਮੈਂਬਰ ਅਤੇ ਵਿਸ਼ਾ ਮਾਹਿਰ ਹਰਿਆਣਾ ਵਿਧਾਨ ਸਭਾ ਦੇ ਮੈਂਬਰਾਂ ਨੂੰ ਹੇਠਾਂ ਲਿਖੇ ਵਿਸ਼ਿਆਂ 'ਤੇ ਜਾਣਕਾਰੀ ਦੇਣਗੇ:

* ਪ੍ਰਭਾਵੀ ਵਿਧਾਇਕ ਕਿਵੇਂ ਬਣੀਏ: ਮੈਂਬਰਾਂ ਨੂੰ ਕੀ ਕਰਨਾ ਚਾਹੀਦਾ ਹੈ ਅਤੇ ਕੀ ਨਹੀਂ ਕਰਨਾ ਚਾਹੀਦਾ ਹੈ;
* ਭਰਤੀ ਸੰਸਦ ਅਤੇ ਹਰਿਆਣਾ ਵਿਧਾਨ ਸਭਾ ਵਿੱਚ ਵਿਧਾਨਕ ਅਤੇ ਵਿੱਤੀ ਕਾਰਜ;
* ਕਮੇਟੀ ਸਿਸਟਮ - ਸੰਸਦੀ ਲੋਕਤੰਤਰ ਦਾ ਪ੍ਰਤੀਬਿੰਬ;
* ਵਿਧਾਨ ਮੰਡਲਾਂ ਵਿੱਚ ਪ੍ਰਸ਼ਨਾਂ ਅਤੇ ਹੋਰ ਸਾਧਨਾਂ ਦੇ ਮਾਧਿਅਮ ਨਾਲ ਕਾਰਜਪਾਲਿਕਾ ਦੀ ਜਵਾਬਦੇਹੀ ਯਕੀਨੀ ਬਣਾਉਣਾ;
* ਵਿਧਾਨਕ ਪ੍ਰਕਿਰਿਆਵਾਂ ਵਿੱਚ ਮੰਤਰੀ ਦੀ ਭੂਮਿਕਾ;
* ਸੰਸਦੀ ਵਿਸ਼ੇਸ਼ ਅਧਿਕਾਰ; ਅਤੇ
* ਨੈਸ਼ਨਲ ਈ-ਵਿਧਾਨ ਐਪਲੀਕੇਸ਼ਨ (ਨੇਵਾ)

ਹਰਿਆਣਾ ਦੀ 15ਵੀਂ ਵਿਧਾਨ ਸਭਾ ਦੇ ਮੈਂਬਰਾਂ ਦੇ ਲਈ ਇਸ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਲੋਕ ਸਭਾ ਸਕੱਤਰੇਤ ਦੇ ਸੰਸਦੀ ਲੋਕਤੰਤਰ ਰਿਸਰਚ ਅਤੇ ਟ੍ਰੇਨਿੰਗ ਇੰਸਟੀਟਿਊਟ (ਪ੍ਰਾਈਡ) ਦੁਆਰਾ ਹਰਿਆਣਾ ਵਿਧਾਨ ਸਭਾ ਸਕੱਤਰੇਤ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ।

1981 ਵਿੱਚ ਅਰੁਣਾਚਲ ਪ੍ਰਦੇਸ਼ ਵਿਧਾਨ ਸਭਾ ਦੇ ਨਵੇਂ ਚੁਣੇ ਮੈਂਬਰਾਂ ਦੇ ਲਈ ਆਯੋਜਿਤ ਪਹਿਲੇ ਓਰੀਐਂਟੇਸ਼ਨ ਪ੍ਰੋਗਰਾਮ ਦੇ ਬਾਅਦ ਤੋਂ ♦♣945 ਨੇ ਹੁਣ ਤੱਕ 70 ਓਰੀਐਂਟੇਸ਼ਨ ਕੋਰਸ ਆਯੋਜਿਤ ਕੀਤੇ ਹਨ, ਜਿਨ੍ਹਾਂ ਵਿੱਚ ਰਾਜ ਵਿਧਾਨ ਸਭਾਵਾਂ ਦੇ 5032 ਤੋਂ ਵੱਧ ਮੈਂਬਰਾਂ ਨੇ ਹਿੱਸਾ ਲਿਆ ਹੈ।

# ਵਿਜੀਲੈਂਸ ਬਿਊਰੋ ਨੇ ਸਿਹਤ ਕਰਮਚਾਰੀ ਨੂੰ 7000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਕਾਬੂ

ਚੰਡੀਗੜ੍ਹ (ਲੋਕ ਬਾਣੀ) – ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸਿਵਲ ਹਸਪਤਾਲ, ਲੁਧਿਆਣਾ ਦੇ ਐਮਰਜੈਂਸੀ ਵਾਰਡ ਵਿੱਚ ਤਾਇਨਾਤ ਸਹਾਇਕ ਸਤਿੰਦਰ ਕੁਮਾਰ ਨੂੰ 7000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।



ਅੱਜ ਇੱਥੇ ਇਹ ਖੁਲਾਸਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਜੱਸਲ ਕਲੋਨੀ, ਲੁਧਿਆਣਾ ਦੇ ਵਸਨੀਕ ਵਿਜੇ ਕੁਮਾਰ ਦੁਆਰਾ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਪਰੋਕਤ ਕਰਮਚਾਰੀ ਨੇ ਉਸ ਦੇ ਮੈਡੀਕਲ ਦੀ ਰਿਪੋਰਟ ਦੀ ਰਸੀਦ ਜਾਰੀ ਕਰਨ ਬਦਲੇ 10000 ਰੁਪਏ ਦੀ ਰਿਸ਼ਵਤ ਮੰਗੀ ਹੈ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਗਾਇਆ ਕਿ ਉਕਤ ਮੁਲਜ਼ਮ ਪਹਿਲਾਂ ਹੀ ਉਸ ਤੋਂ 3000 ਰੁਪਏ ਲੈ ਚੁੱਕਾ ਹੈ ਅਤੇ ਬਾਕੀ ਰਿਸ਼ਵਤ ਦੀ ਮੰਗ ਕਰ ਰਿਹਾ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਆਰਥਿਕ ਅਪਰਾਧ ਸ਼ਾਖਾ, ਲੁਧਿਆਣਾ ਰੇਂਜ ਦੀ ਇੱਕ ਵਿਜੀਲੈਂਸ ਬਿਊਰੋ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 7000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧ ਵਿੱਚ ਉਕਤ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਆਰਥਿਕ ਅਪਰਾਧ ਸ਼ਾਖਾ ਦੇ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਵਿਜੀਲੈਂਸ ਬਿਊਰੋ ਵੱਲੋਂ ਪਟਵਾਰੀ ਦਾ ਕਾਰਿੰਦਾ 3,000 ਰੁਪਏ ਰਿਸ਼ਵਤ ਲੈਂਦਾ ਕਾਬੂ




ਚੰਡੀਗੜ੍ਹ, 1(ਲੋਕ ਬਾਣੀ): ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਰਾਮਪਾਲ ਨਾਮਕ ਇੱਕ ਆਮ ਵਿਅਕਤੀ ਨੂੰ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ ਜੋ ਕਿ ਮਾਲ ਹਲਕਾ ਨਵਾਂਸ਼ਹਿਰ-1 ਵਿੱਚ ਤਾਇਨਾਤ ਪਟਵਾਰੀ ਵਿਪਨ ਕੁਮਾਰ ਦਾ ਸਾਥੀ ਹੈ ਅਤੇ ਉਸ ਪਟਵਾਰੀ ਖਾਤਰ 3,000 ਰੁਪਏ ਦੀ ਰਿਸ਼ਵਤ ਦੀ ਦੂਜੀ ਕਿਸ਼ਤ ਪ੍ਰਾਪਤ ਕਰ ਰਿਹਾ ਸੀ।

ਇਸ ਬਾਰੇ ਵਿਜੀਲੈਂਸ ਬਿਊਰੋ ਦੇ ਇੱਕ ਬੁਲਾਰੇ ਨੇ ਖੁਲਾਸਾ ਕੀਤਾ ਕਿ ਇਹ ਗ੍ਰਿਫ਼ਤਾਰੀ ਐਸਬੀਐਸ ਨਗਰ ਜ਼ਿਲ੍ਹੇ ਦੇ ਨਵਾਂਸ਼ਹਿਰ ਸ਼ਹਿਰ ਵਿੱਚ ਨਿਊ ਆਬਾਦੀ ਦੇ ਵਸਨੀਕ ਪ੍ਰਦੀਪ ਕੁਮਾਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਮੱਦਦ ਲਈ ਪਹੁੰਚ ਕੀਤੀ ਸੀ ਕਿਉਂਕਿ ਪਟਵਾਰੀ ਵਿਪਨ ਕੁਮਾਰ ਨੇ ਆਪਣੇ ਜੱਦੀ ਘਰ ਦੇ ਵਿਰਾਸਤੀ ਇੰਤਕਾਲ ਦੀ ਪ੍ਰਕਿਰਿਆ ਲਈ 5,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਇਸ ਤੋਂ ਪਹਿਲਾਂ ਸ਼ਿਕਾਇਤਕਰਤਾ ਨੇ ਪਟਵਾਰੀ ਦੀ ਹਦਾਇਤ ਮੰਨਦਿਆਂ ਉਸਦੇ ਕਾਰਿੰਦੇ ਰਾਮਪਾਲ ਨੂੰ 2,000 ਰੁਪਏ ਪੇਸ਼ਗੀ ਰਿਸ਼ਵਤ ਦੇ ਦਿੱਤੀ ਸੀ। ਜਦੋਂ ਮੁਲਜ਼ਮ ਪਟਵਾਰੀ ਨੇ ਤੈਅ ਕੀਤੀ ਰਿਸ਼ਵਤ ਦੀ ਬਾਕੀ ਰਕਮ ਦੇਣ ਲਈ ਜ਼ੋਰ ਪਾਇਆ ਤਾਂ ਸ਼ਿਕਾਇਤਕਰਤਾ ਨੇ ਮੱਦਦ ਲਈ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ।

ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਕਰਨ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਰਾਮਪਾਲ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ ਦੂਜੀ ਕਿਸ਼ਤ ਵਜੋਂ 3000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਛਾਪੇ ਦੌਰਾਨ ਪਟਵਾਰੀ ਵਿਪਨ ਕੁਮਾਰ ਗ੍ਰਿਫ਼ਤਾਰੀ ਤੋਂ ਬਚਦਾ ਹੋਇਆ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਕਤ ਮੁਲਜ਼ਮ ਅਤੇ ਪਟਵਾਰੀ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਗ੍ਰਿਫ਼ਤਾਰ ਮੁਲਜ਼ਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ, ਜਦੋਂ ਕਿ ਵਿਜੀਲੈਂਸ ਬਿਊਰੋ ਦੀਆਂ ਟੀਮਾਂ ਫਰਾਰ ਪਟਵਾਰੀ ਦਾ ਸਰਗਰਮੀ ਨਾਲ ਪਿੱਛਾ ਕਰ ਰਹੀਆਂ ਹਨ। ਇਸ ਮੁਕੱਦਮੇ ਦੀ ਹੋਰ ਜਾਂਚ ਜਾਰੀ ਹੈ।

# ਬੋਧੀ ਧਾਰਮਿਕ ਆਗੂ ਦਲਾਈ ਲਾਮਾ ਨੂੰ ਮਿਲੇਗੀ Z ਸ਼੍ਰੇਣੀ ਸੁਰੱਖਿਆ, 92 ਨੇ ਪ੍ਰਗਟਾਇਆ ਸੀ ਖ਼ਤਰੇ ਦਾ ਸ਼ੱਕ



(ਲੋਕ ਬਾਣੀ) ਗ੍ਰਹਿ ਮੰਤਰਾਲੇ ਨੇ ਤਿੱਬਤੀ ਅਧਿਆਤਮਿਕ ਆਗੂ ਦਲਾਈ ਲਾਮਾ ਨੂੰ ਜ਼ੈੱਡ ਸ਼੍ਰੇਣੀ ਦੀ ਸੁਰੱਖਿਆ ਦਿੱਤੀ ਹੈ। ਇਹ ਫੈਸਲਾ ਆਈਬੀ ਵੱਲੋਂ ਦਲਾਈ ਲਾਮਾ ਨੂੰ ਖ਼ਤਰੇ ਦੀ ਸੰਭਾਵਨਾ ਦੀ ਰਿਪੋਰਟ ਦੇਣ ਤੋਂ ਬਾਅਦ ਲਿਆ ਗਿਆ।

ਜ਼ੈੱਡ ਸੁਰੱਖਿਆ ਦੇ ਤਹਿਤ, ਦਲਾਈ ਲਾਮਾ ਨੂੰ ਕੁੱਲ 33 ਸੁਰੱਖਿਆ ਕਰਮਚਾਰੀ ਮਿਲਣਗੇ, ਜਿਸ ਵਿੱਚ ਹਿਮਾਚਲ ਪ੍ਰਦੇਸ਼ ਦੇ ਧਰਮਸ਼ਾਲਾ ਵਿੱਚ ਉਨ੍ਹਾਂ ਦੇ ਨਿਵਾਸ ਸਥਾਨ ਤੇ ਤਾਇਨਾਤ ਹਥਿਆਰਬੰਦ ਸਥਿਰ ਗਾਰਡ, ਚੌਵੀ ਘੰਟੇ ਸੁਰੱਖਿਆ ਪ੍ਰਦਾਨ ਕਰਨ ਵਾਲੇ ਨਿੱਜੀ ਸੁਰੱਖਿਆ ਅਧਿਕਾਰੀ ਅਤੇ ਸ਼ਿਫਟਾਂ ਵਿੱਚ ਹਥਿਆਰਬੰਦ ਐਸਕਾਰਟ ਕਮਾਂਡੋ ਸ਼ਾਮਲ ਹਨ। ਇਸ ਤੋਂ ਇਲਾਵਾ, ਸਿਖਲਾਈ ਪ੍ਰਾਪਤ ਡਰਾਈਵਰ ਅਤੇ ਨਿਗਰਾਨੀ ਕਰਮਚਾਰੀ ਹਮੇਸ਼ਾ ਡਿਊਟੀ ਤੇ ਰਹਿਣਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੀ ਸੁਰੱਖਿਆ ਵਿੱਚ ਕੋਈ ਕਮੀ ਨਾ ਰਹੇ।

# ਘਰ ਚ ਦਾਖ਼ਲ ਹੋਏ ਚੋਰਾਂ ਨੇ ਬਜ਼ੁਰਗ ਔਰਤ ਨੂੰ ਲੁੱਟਕੇ ਉਤਾਰਿਆ ਮੌਤ ਦੇ ਘਾਟ




ਫ਼ਾਜ਼ਿਲਕਾ (ਲੋਕ ਬਾਣੀ) ਜ਼ਿਲ੍ਹੇ ਦੇ ਪਿੰਡ ਚੂਹੜੀਵਾਲਾ ਧੰਨਾ ਵਿਖੇ ਬੀਤੀ ਰਾਤ ਲਗਪਗ 1 ਵਜੇ ਦੋ ਲੁਟੇਰਿਆਂ ਨੇ ਇੱਕ ਘਰ ਵਿੱਚ ਦਾਖਲ ਹੋ ਕੇ ਹਥਿਆਰਾ ਦੇ ਬਾਲ ਨਾਲ ਇੱਕ ਬਜ਼ੁਰਗ ਔਰਤ ਨੂੰ ਲੁੱਟ ਲਿਆ। ਜਦੋਂ ਉਸਨੇ ਰੌਲਾ ਪਾਉਣ ਦੀ ਕੋਸ਼ਿਸ਼ ਕੀਤੀ, ਤਾਂ ਲੁਟੇਰਿਆਂ ਨੇ ਉਸੇ ਤੇਜ਼ਧਾਰ ਹਥਿਆਰ ਨਾਲ ਉਸ ਤੇ ਹਮਲਾ ਕਰ ਕੇ ਉਸਦੀ ਹੱਤਿਆ ਕਰ ਦਿੱਤੀ। ਸਵੇਰ ਹੁੰਦੇ ਹੀ ਸੀਨੀਅਰ ਪੁਲਿਸ ਅਧਿਕਾਰੀ ਅਤੇ ਡੌਗ ਸਕੁਐਡ ਟੀਮਾਂ ਮੌਕੇ ਤੇ ਪਹੁੰਚ ਗਈਆਂ ਅਤੇ ਕਾਤਲਾਂ ਦੀ ਭਾਲ ਸ਼ੁਰੂ ਕਰ ਦਿੱਤੀ। ਔਰਤ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਰਕਾਰੀ ਹਸਪਤਾਲ ਦੇ ਮੁਰਦਾਘਰ ਵਿੱਚ ਰੱਖਿਆ ਗਿਆ ਹੈ।

ਜਾਣਕਾਰੀ ਅਨੁਸਾਰ ਖਿਆਲੀ ਦੀ ਪਤਨੀ 85 ਸਾਲਾ ਖੇਤੀ ਬਾਈ ਦੇ ਵੱਡੇ ਪੁੱਤਰ ਰਾਮ ਚੰਦ ਨੇ ਦੱਸਿਆ ਕਿ ਬੀਤੀ ਰਾਤ ਪਰਿਵਾਰਕ ਮੈਂਬਰ ਕਮਰਿਆਂ ਵਿੱਚ ਸੁੱਤੇ ਪਏ ਸਨ ਜਦੋਂ ਕਿ ਉਸਦੀ ਮਾਂ ਵੇਹੜੇ ਵਿੱਚ ਸੁੱਤੀ ਪਈ ਸੀ। ਦੇਰ ਰਾਤ, ਅਣਪਛਾਤੇ ਚੋਰ ਉਨ੍ਹਾਂ ਦੇ ਘਰ ਵਿੱਚ ਦਾਖਲ ਹੋਏ ਅਤੇ ਤੇਜ਼ਧਾਰ ਹਥਿਆਰ ਨਾਲ ਉਸਦੀ ਮਾਂ ਦੇ ਕੰਨਾਂ ਦੀਆਂ ਵਾਲੀਆਂ ਅਤੇ ਸੋਨੇ ਦਾ ਕੋਕਾ ਲੈ ਗਏ। ਜਦੋਂ ਔਰਤ ਨੇ ਰੌਲਾ ਪਾਇਆ, ਤਾਂ ਉਨ੍ਹਾਂ ਨੇ ਕਿਸੇ ਭਾਰੀ ਜਾਂ ਤਿੱਖੀ ਚੀਜ਼ ਨਾਲ ਉਸਦੇ ਸਿਰ ਤੇ ਵਾਰ ਕਰਕੇ ਉਸਦੀ ਹੱਤਿਆ ਕਰ ਦਿੱਤੀ। ਜਦੋਂ ਉਹ ਰੌਲਾ ਸੁਣ ਕੇ ਬਾਹਰ ਆਇਆ ਤਾਂ ਉਸਦੀ ਮਾਂ ਦੀ ਮੌਤ ਹੋ ਚੁੱਕੀ ਸੀ। ਉਸਨੇ ਸੀਸੀਟੀਵੀ ਕੈਮਰੇ ਚੈੱਕ ਕੀਤੇ ਅਤੇ ਦੋ ਚੋਰਾਂ ਨੂੰ ਉਨ੍ਹਾਂ ਨੇ ਭੱਜਦੇ ਵੇਖਿਆ। ਉਨ੍ਹਾਂ ਤੁਰੰਤ ਇਸ ਬਾਰੇ ਖੁਈਖੇੜਾ ਪੁਲਿਸ ਨੂੰ ਸੂਚਨਾ ਦਿੱਤੀ। ਅੱਜ ਸ਼ੁਕਰਵਾਰ ਸਵੇਰੇ ਪੁਲਿਸ ਟੀਮਾਂ ਅਤੇ ਜ਼ਿਲ੍ਹਾ ਪੁਲਿਸ ਅਧਿਕਾਰੀ ਮੌਕੇ ਤੇ ਪਹੁੰਚੇ ਅਤੇ ਘਟਨਾ ਦੀ ਜਾਂਚ ਕਰ ਦੋਸ਼ੀਆਂ ਦੀ ਭਾਲ ਕਰ ਰਹੇ ਹਨ।

# ਡਾਕਟਰ ਨੇ ਆਸ਼ਾ ਵਰਕਰ ਨਾਲ ਮਿਲ ਕੇ ਵੇਚੀ ਨਵਜੰਮੀ ਬੱਚੀ, ਚਾਰ ਮਹੀਨੇ ਵਿਲਕਦੀ ਰਹੀ ਮਾਂ; ਮਾਮਲਾ ਦਰਜ




(ਲੋਕ ਬਾਣੀ) 12 ਅਕਤੂਬਰ 2024 ਨੂੰ ਥਾਣਾ ਲੋਪੋਕੇ ਦੇ ਪਿੰਡ ਰਾਣੀਆਂ ਦੀ ਵਸਨੀਕ ਸੀਮਾ ਕੌਰ ਦੇ ਘਰ ਇਕ ਧੀ ਦਾ ਜਨਮ ਹੋਇਆ, ਪਰ ਉਸ ਨੇ ਅੱਜ ਤੱਕ ਆਪਣੀ ਧੀ ਦਾ ਮੂੰਹ ਵੀ ਨਹੀਂ ਦੇਖਿਆ। ਕਿਉਂਕਿ ਜਿਸ ਹਸਪਤਾਲ 'ਚ ਉਸ ਨੇ ਆਪਣੀ ਧੀ ਨੂੰ ਜਨਮ ਦਿੱਤਾ ਸੀ, ਉਸ ਦੇ ਮਾਲਕ ਡਾਕਟਰ ਨੇ ਦੋ ਆਸ਼ਾ ਵਰਕਰਾਂ ਨਾਲ ਮਿਲ ਕੇ ਉਸ ਦੀ ਧੀ ਵੇਚ ਦਿੱਤੀ ਸੀ। ਅੱਜ ਵੀ ਔਰਤ ਆਪਣੀ ਧੀ ਦਾ ਚਿਹਰਾ ਦੇਖਣ ਲਈ ਤਰਸ ਰਹੀ ਹੈ। ਔਰਤ ਨੂੰ ਉਮੀਦ ਹੈ ਕਿ ਪੁਲਿਸ ਉਸ ਨੂੰ ਇਨਸਾਫ਼ ਦਿਵਾਏਗੀ ਤੇ ਉਸ ਦਾ ਬੱਚਾ ਵਾਪਸ ਦਿਵਾਏਗੀ। ਜਦੋਂ ਔਰਤ ਨੇ ਇਸ ਸਬੰਧੀ ਪੁਲਿਸ ਨੂੰ ਸ਼ਿਕਾਇਤ ਕੀਤੀ ਤਾਂ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਹਸਪਤਾਲ ਦੇ ਮਾਲਕ ਡਾ. ਪੰਕਜ ਸ਼ਰਮਾ, ਡਾ. ਸਰਬਜੀਤ ਸਿੰਘ, ਆਸ਼ਾ ਵਰਕਰ ਨੀਤੂ ਤੇ ਆਸ਼ਾ ਵਰਕਰ ਸੰਦੀਪ ਕੌਰ ਵਿਰੁੱਧ ਮਾਮਲਾ ਦਰਜ ਕਰ ਲਿਆ। ਪੁਲਿਸ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕਰ ਰਹੀ ਹੈ। ਪੁਲਿਸ ਦਾ ਦਾਅਵਾ ਹੈ ਕਿ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਤੇ ਬੱਚਾ ਖਰੀਦਣ ਵਾਲਿਆਂ ਦੀ ਵੀ ਪਛਾਣ ਕੀਤੀ ਜਾਵੇਗੀ।

# ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਪਿੰਡ ਭਗਵਾਨਪੁਰ ਅਤੇ ਜੱਟੂਵਾਲ ਵਿੱਚ ਪਰਾਲੀ ਪ੍ਰਬੰਧਨ ਪਾਰਕ ਦੀ ਸਥਾਪਨਾ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਝੋਨੇ ਦੀ ਪਰਾਲੀ ਦੇ ਪ੍ਰਬੰਧਨ ਲਈ ਕੀਤੇ ਜਾ ਰਹੇ ਉਪਰਾਲਿਆਂ ਵਜੋਂ ਮਾਨਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਦੇ ਦਿਸ਼ਾ-ਨਿਰਦੇਸ਼ਾਂ ਤੇ ਫੀਡ ਬੈਕ ਫਾਊਂਡੇਸ਼ਨ ਦੀ ਭਾਗੀਦਾਰੀ ਨਾਲ ਪਿੰਡ ਜਟੂਵਾਲ ਅਤੇ ਭਗਵਾਨਪੁਰ ਵਿਚ ਪਰਾਲੀ ਪ੍ਰਬੰਧਨ ਪਾਰਕ ਬਣਾਇਆ ਜਾ ਰਿਹਾ ਜਿਸ ਵਿਚ ਪਰਾਲੀ ,ਪਸ਼ੂਆਂ ਦਾ ਗੋਬਰ ਅਤੇ ਬਾਇਓ ਡੀਕੰਮਪੌਜ਼ਰ ਦੀ ਵਰਤੋਂ ਕਰਦਿਆਂ ਦੇਸੀ ਖਾਦ ਤਿਆਰ ਕੀਤੀ ਜਾਣੀ ਹੈ। ਇਸ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾ. ਅਮਰੀਕ ਸਿੰਘ ਜੀ ਦੇ ਪ੍ਰਧਾਨਗੀ ਹੇਠ ਪਿੰਡ ਭਗਵਾਨਪੁਰ, ਕਲੀਚਪੁਰ ਅਤੇ ਸਿਧਾਣਾ ਵਿਖੇ ਸਪੈਸ਼ਲ ਕਿਸਾਨ ਕੈਂਪ ਲਗਾਏ ਗਏ ਜਿਸ ਵਿੱਚ ਇਨ੍ਹਾਂ ਪਿੰਡਾਂ ਨਾਲ ਲਗਦੀਆਂ ਪੰਚਾਇਤਾਂ ਨੇ ਵੀ ਭਾਗ ਲਿਆ। ਕੈਂਪਾ ਵਿੱਚ ਕਿਸਾਨਾਂ ਨੂੰ 'ਦੀ ਫੀਡਬੈਕ ਫਾਊਂਡੇਸ਼ਨ' ਵੱਲੋਂ ਲਗਾਏ ਜਾ ਰਹੇ ਪਰਾਲੀ ਪ੍ਰਬੰਧਨ ਪਾਰਕ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜਿਲ੍ਹਾ ਗੁਰਦਾਸਪੁਰ ਦੇ ਪਿੰਡ ਭਗਵਾਨਪੁਰ ਅਤੇ ਜੱਟੂਵਾਲ ਵਿੱਚ 10 ਏਕੜ ਰਕਬੇ ਵਿੱਚ ਪਰਾਲੀ ਪ੍ਰਬੰਧਨ ਪਾਰਕ ਬਨਾਇਆ ਜਾਣਾ ਹੈ ਜੋਂ 10 ਏਕੜ ਰਕਬੇ ਵਿੱਚ 6 ਏਕੜ ਜੱਟੂਵਾਲ ਅਤੇ 4 ਏਕੜ ਪਿੰਡ ਭਗਵਾਨਪੁਰ ਵਿੱਚ ਆਉਂਦਾ ਹੈ ਅਤੇ ਇਸ 10 ਏਕੜ ਜਮੀਨ ਦਾ ਪਟਾ 10 ਸਾਲ ਲਈ ਕੀਤਾ ਗਿਆ ਹੈ।ਉਨ੍ਹਾਂ ਨੂੰ ਦੱਸਿਆ ਗਿਆ ਕਿ ਇਸ ਪਾਰਕ ਵਿੱਚ 80 ਪ੍ਰਤੀਸ਼ਤ ਪਰਾਲੀ ਅਤੇ 20 ਪ੍ਰਤੀਸ਼ਤ ਪਸ਼ੂਆਂ ਦਾ ਗੋਬਰ ਦੀ ਵਰਤੋਂ ਕਰਦੀਆਂ ਦੇਸੀ ਖਾਦ ਬਣਾਈ ਜਾਣੀ ਹੈ। ਉਨਾਂ ਦੱਸਿਆ ਕਿ ਕੁਝ ਸਮਾਜਿਕ ਸ਼ਰਾਰਤੀ ਅੰਸਰਾਂ ਵੱਲੋ ਇਹ ਅਫਵਾਹ ਫੈਲਾਈ ਜਾ ਰਹੀ ਹੈ ਕਿ ਇਸ ਪਰਾਲੀ ਪ੍ਰਬੰਧਨ ਪਾਰਕ ਵਿੱਚ ਗੁਰਦਾਸਪੁਰ ਅਤੇ ਦੀਨਾਨਗਰ ਸ਼ਹਿਰ ਦਾ ਕੂੜਾ ਸੁਟਿਆ ਜਾਣਾ ਹੈ ਪਰ ਇਹ ਬਿਲਕੁਲ ਗਲਤ ਹੈ ਇਸ ਸਥਾਨ ਤੇ ਨਰੋਲ ਪਰਾਲੀ ਪ੍ਰਬੰਧਨ ਦਾ ਪ੍ਰੋਜੈਕਟ ਹੀ ਲਗਾਇਆ ਜਾਣਾ ਹੈ ਅਤੇ ਇਸ ਸਥਾਨ ਤੇ ਇਸ ਤੋਂ ਇਲਾਵਾ ਕੋਈ ਵੀ ਕੰਮ ਹੁਣ ਜਾਂ ਭਵਿੱਖ ਵਿੱਚ ਨਹੀਂ ਕੀਤਾ ਜਾਵੇਗਾ । ਉਨਾਂ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਮਨਰੇਗਾ ਤਹਿਤ ਜੋ ਲੇਬਰ ਸਾਰਾ ਸਾਲ ਕੰਮ ਕਰੇਗੀ ਜੋ ਕਿ 15 ਤੋਂ 20 ਵਿਅਕਤੀ ਪ੍ਰਤੀ ਦਿਨ ਬਣਦੇ ਹਨ ਉਹ ਸਾਰੀ ਲੇਬਰ ਪਿੰਡ ਭਗਵਾਨਪੁਰ ਅਤੇ ਜੱਟੂਵਾਲ ਤੋਂ ਲੈਣ ਦੀ ਪਹਿਲ ਹੋਵੇਗੀ। ਇਹ ਕੰਮ ਸਾਲ ਭਰ ਲਈ ਜਾਰੀ ਰਹੇਗਾ ਇਸ ਪ੍ਰੋਜੈਕਟ ਤੋਂ ਬਣਨ ਵਾਲੀ ਖਾਦ ਇਹਨਾਂ ਪਿੰਡਾਂ ਦੇ ਕਿਸਾਨਾਂ ਨੂੰ 60 ਪ੍ਰਤੀਸ਼ਤ ਸਬਸਿਡੀ ਤੇ ਦਿੱਤੀ ਜਾਵੇਗੀ। ਜੋ ਕਿ ਕਿਸਾਨ ਆਪਣਾ ਆਧਾਰ ਕਾਰਡ ਦਿਖਾ ਕੇ ਪ੍ਰਾਪਤ ਕਰ ਸਕਣਗੇ ਇਹ ਪ੍ਰੋਜੈਕਟ ਅਧੀਨ ਪਿੰਡ ਭਗਵਾਨਪੁਰ ਅਤੇ ਜੱਟੂਵਾਲ ਦੇ ਸਾਰੇ ਰਕਬੇ ਦੀ ਪਰਾਲੀ ਦੀ ਬੇਲਿੰਗ ਦੀ ਫੀਡਬੈਕ ਫਾਊਂਡੇਸ਼ਨ' ਵੱਲੋਂ ਬੇਲਰ ਮੁਹਈਆ ਕਰਵਾ ਕੇ ਕਰਵਾਈ ਜਾਵੇਗੀ। ਉਨਾਂ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਬਣਨ ਵਾਲੀ ਭੌ ਪਰਖ ਪ੍ਰਯੋਗਸ਼ਾਲਾ ਵੱਲੋਂ ਕੇਵਲ ਇਹਨਾਂ ਪਿੰਡਾਂ ਦੇ ਕਿਸਾਨਾਂ ਦੀ ਮਿੱਟੀ ਪਰਖ ਕੀਤੀ ਜਾਵੇਗੀ,ਜਿਸ ਦੀ ਰਿਪੋਰਟ ਦੇ ਅਧਾਰ ਤੇ ਕਿਸਾਨਾਂ ਨੂੰ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ ਤਾਂ ਜੋਂ ਰਸਾਇਣਕ ਖਾਦਾਂ ਤੇ ਨਿਰਭਰਤਾ ਘਟਾਈ ਜਾ ਸਕੇ। ਇਸ ਦੇ ਨਾਲ ਜੈਵਿਕ ਖੇਤੀ ਨੂੰ ਉਤਸ਼ਾਹਿਤ ਕੀਤਾ ਜਾਵੇਗਾ ਤਾਂ ਛੋਟੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ। ਉਨਾਂ ਦੱਸਿਆ ਕਿ ਇਨਾਂ ਪਿੰਡਾਂ ਵਿਚ ਮੋਟੇ ਅਨਾਜ ਜਿਵੇਂ ਮੱਕੀ, ਚਰੀ,ਕੰਗਣੀ, ਕੋਧਰਾ ਆਦਿ ਫ਼ਸਲਾਂ ਦੀ ਖੇਤੀ ਨੂੰ ਉਤਸ਼ਾਹਿਤ ਵੀ ਕੀਤਾ ਜਾਵੇਗਾ।ਉਨਾਂ ਦੱਸਿਆ ਕਿ ਫੀਡਬੈਕ ਫਾਊਂਡੇਸ਼ਨ ਵੱਲੋਂ ਪਿੰਡ ਦੇ ਜ਼ਿਮੀਦਾਰਾਂ ਨੂੰ ਪਰਾਲੀ ਤੋਂ ਖਾਦ ਬਣਾਉਣ ਸਬੰਧੀ ਟ੍ਰੇਨਿੰਗ ਵੀ ਦਿੱਤੀ ਜਾਵੇਗੀ।

# ਮੈਕਸਿਮ ਮੈਰੀ ਸਕੂਲ ਖਰੜ ਵਿਖੇ ਮਾਤਾ ਪਿਤਾ ਦਿਵਸ ਨੂੰ ਕੁਟੰਬ ਦਿਵਸ ਵਜੋਂ ਮਨਾਇਆ



ਖਰੜ ( ਕਾਲਾ ਸਿੰਘ ਸੈਣੀ )-ਮੈਕਸਿਮ ਮੈਰੀ ਸਕੂਲ, ਖਰੜ ਵਿਖੇ ਅੱਜ ਮਾਤਾ-ਪਿਤਾ ਦਿਵਸ ਨੂੰ ਕੁਟੰਬ ਦਿਵਸ ਵਜੋਂ ਉਤਸ਼ਾਹ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਸਕੂਲ ਵਿਦਿਆਰਥੀਆਂ ਨੇ ਆਪਣੇ ਮਾਤਾ-ਪਿਤਾ ਪ੍ਰਤੀ ਆਦਰ ਅਤੇ ਆਭਾਰ ਪ੍ਰਗਟ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਭਜਨ ਗਾਇਨ ਨਾਲ ਹੋਈ। ਇਸ ਤੋਂ ਬਾਅਦ, ਵਿਦਿਆਰਥੀਆਂ ਨੇ ਸੰਗੀਤ ਅਤੇ ਨਾਟਕ ਰਾਹੀਂ ਆਪਣੇ ਮਾਪਿਆਂ ਲਈ ਪ੍ਰੇਮ ਤੇ ਸਤਿਕਾਰ ਪ੍ਰਗਟ ਕੀਤਾ। ਬੱਚਿਆਂ ਨੇ ਆਪਣੇ ਮਾਤਾ-ਪਿਤਾ ਦੀ ਪੂਜਾ ਕੀਤੀ, ਉਨ੍ਹਾਂ ਦੇ ਚਰਨ ਛੂਹ ਕੇ ਅਸ਼ੀਰਵਾਦ ਲਿਆ, ਜਿਸ ਨਾਲ ਪੂਰਾ ਮਾਹੌਲ ਭਾਵਨਾਤਮਕ ਅਤੇ ਸੁਹੰਦਾ ਬਣ ਗਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨੀਰੂ ਕੌਸ਼ਿਕ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਮਾਪੇ ਸਾਡੇ ਜੀਵਨ ਦੇ ਮਾਰਗ ਦਰਸ਼ਕ ਹੁੰਦੇ ਹਨ ਅਤੇ ਸਾਨੂੰ ਉਨ੍ਹਾਂ ਪ੍ਰਤੀ ਹਮੇਸ਼ਾ ਆਦਰਭਾਵ ਰੱਖਣਾ ਚਾਹੀਦਾ ਹੈ। ਉਨ੍ਹਾਂ ਨੇ ਇਸ ਪ੍ਰਯਾਸ ਨੂੰ ਬੱਚਿਆਂ ਦੇ ਨੈਤਿਕ ਅਤੇ ਚਰਿਤਰੀਕ ਵਿਕਾਸ ਲਈ ਮਹੱਤਵਪੂਰਨ ਦੱਸਿਆ। ਪ੍ਰੋਗਰਾਮ ਦੇ ਆਖ਼ਰ 'ਚ ਮੁੱਖ ਮਹਿਮਾਨ, ਸ਼੍ਰੀਮਤੀ ਸ਼ਰਮੀਲਾ ਠਾਕੁਰ ਨੇ ਆਪਣੇ ਅਨੁਭਵ ਸਾਂਝੇ ਕਰਕੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਮਾਪਿਆਂ ਨੇ ਵੀ ਇਸ ਵਿਸ਼ੇਸ਼ ਸਮਾਗਮ 'ਚ ਉਤਸ਼ਾਹ ਪੂਰਵਕ ਹਿੱਸਾ ਲਿਆ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਕੂਲ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

# ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਬਰਡ ਪਾਰਕ ਦਾ ਦੌਰਾ ਕੀਤਾ



ਚੰਡੀਗੜ੍ਹ। (ਲੋਕ ਬਾਣੀ) ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਦੇ ਪ੍ਰੀ ਪ੍ਰਾਇਮਰੀ ਅਤੇ ਪ੍ਰਾਇਮਰੀ ਕਲਾਸਾਂ ਦੇ ਵਿਦਿਆਰਥੀਆਂ ਨੇ ਚੰਡੀਗੜ੍ਹ ਬਰਡ ਪਾਰਕ ਅਤੇ ਜਾਪਾਨੀ ਗਾਰਡਨ ਦਾ ਦੌਰਾ ਕੀਤਾ। ਇਸ ਲਈ ਦੋ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਸੀ। ਸਭ ਤੋਂ ਪਹਿਲਾਂ ਬੱਚਿਆਂ ਨੂੰ ਜਾਪਾਨੀ ਗਾਰਡਨ ਲਿਜਾਇਆ ਗਿਆ। ਬੱਚਿਆਂ ਨੇ ਪਿੱਪਲ ਦੇ ਦਰੱਖਤ ਹੇਠਾਂ ਸਥਾਪਿਤ ਮਹਾਤਮਾ ਬੁੱਧ ਦੀ ਮੂਰਤੀ ਨਾਲ ਆਪਣੀ ਫੋਟੋ ਖਿਚਵਾਈ। ਉਸਨੂੰ ਝੂਲਿਆਂ ਤੇ ਖੇਡਣਾ ਬਹੁਤ ਪਸੰਦ ਸੀ। ਬੱਚਿਆਂ ਨੇ ਪੂਰੇ ਬਾਗ਼ ਦਾ ਦੌਰਾ ਵੀ ਕੀਤਾ। ਇਸ ਤੋਂ ਬਾਅਦ ਉਸਨੂੰ ਚੰਡੀਗੜ੍ਹ ਬਰਡ ਪਾਰਕ ਲਿਜਾਇਆ ਗਿਆ। ਬੱਚਿਆਂ ਨੇ ਸੜਕ ਦੇ ਕਿਨਾਰੇ ਬਣੇ ਬਗੀਚਿਆਂ ਦੀ ਵੀ ਪ੍ਰਸ਼ੰਸਾ ਕੀਤੀ। ਬੱਚਿਆਂ ਨੇ ਕੁਦਰਤ ਦੇ ਵਿਚਕਾਰ ਰੁੱਖਾਂ, ਪੌਦਿਆਂ ਦੀ ਆਵਾਜ਼ ਅਤੇ ਪੰਛੀਆਂ ਦੀ ਚਹਿਕ ਦਾ ਆਨੰਦ ਮਾਣਿਆ। ਵੱਖ-ਵੱਖ ਕਿਸਮਾਂ ਦੇ ਪੰਛੀ ਚਹਿਕ ਰਹੇ ਸਨ। ਤਲਾਅ ਵਿੱਚ ਤੈਰਦੀਆਂ ਕਾਲੀਆਂ ਅਤੇ ਚਿੱਟੀਆਂ ਬੱਤਖਾਂ ਨੇ ਮਨ ਮੋਹ ਲਿਆ। ਬੱਚਿਆਂ ਨੇ ਕਿਹਾ ਕਿ ਉਹ ਤਲਾਅ ਦੇ ਕੰਢੇ ਬਣੀ ਝੌਂਪੜੀ ਵਿੱਚ ਆਰਾਮ ਕਰ ਰਹੇ ਬੱਤਖਾਂ ਦੇ ਬੱਚਿਆਂ ਵੱਲ ਆਕਰਸ਼ਿਤ ਹੋ ਰਹੇ ਸਨ। ਇੱਕ ਲੰਬੀ ਉਡਾਣ ਭਰਨ ਤੋਂ ਬਾਅਦ, ਪੰਛੀ ਦਰੱਖਤਾਂ ਤੇ ਬੈਠੇ ਸਨ। ਅਜਿਹੇ ਦ੍ਰਿਸ਼ਾਂ ਨੇ ਉਸਨੂੰ ਆਕਰਸ਼ਿਤ ਕੀਤਾ। ਇਹ ਟੂਰ ਐਨਆਰਆਈ ਸੁਦਰਸ਼ਨ ਗਰਗ ਦੁਆਰਾ ਮੁਫ਼ਤ ਸੀ। ਉਨ੍ਹਾਂ ਨੇ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ। ਐਨਆਰਆਈ ਸੁਦਰਸ਼ਨ ਗਰਗ ਨੇ ਕਿਹਾ ਕਿ ਸਿੱਖਿਆ ਦੇ ਨਾਲ-ਨਾਲ, ਅਜਿਹੇ ਦੌਰੇ ਬੱਚਿਆਂ ਦੇ ਮਾਨਸਿਕ ਵਿਕਾਸ ਨੂੰ ਨਵੀਂ ਦਿਸ਼ਾ ਦਿੰਦੇ ਹਨ। ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੋਦਗਿਲ ਨੇ ਟੂਰ ਦਾ ਪ੍ਰਬੰਧ ਕਰਨ ਲਈ ਐਨਆਰਆਈ ਸੁਦਰਸ਼ਨ ਗਰਗ ਦਾ ਧੰਨਵਾਦ ਕੀਤਾ।

# SNK ਪਾਨ ਮਸਾਲਾ ਗਰੁੱਪ ਦੀ ਜਾਰੀ ਛਾਪੇਮਾਰੀ ਦੌਰਾਨ ਅਰਬਾਂ ਦੀ ਅਣਐਲਾਨੀ ਜਾਇਦਾਦ ਦਾ ਪਰਦਾਫਾਸ਼



ਕਾਨਪੁਰ (ਸੁਨੀਲ ਬਾਜਪਾਈ)। ਟੈਕਸ ਚੋਰੀ ਕਰਨ ਵਾਲੇ ਉਦਯੋਗਪਤੀਆਂ ਤੇ ਸਰਕਾਰ ਦੀ ਸ਼ਿਕੰਜਾ ਕਸਣ ਦਾ ਸਿਲਸਿਲਾ ਜਾਰੀ ਹੈ, ਜਿਸ ਦੇ ਸਿੱਟੇ ਵਜੋਂ ਦੇਸ਼ ਭਰ ਚ 47 ਥਾਵਾਂ ਤੇ ਐੱਸ.ਐੱਨ.ਕੇ ਪਾਨ ਮਸਾਲਾ ਗਰੁੱਪ ਅਤੇ ਇਸ ਨਾਲ ਜੁੜੇ ਕਾਰੋਬਾਰੀਆਂ ਤੇ ਛਾਪੇਮਾਰੀ ਦੌਰਾਨ ਵੱਡੀ ਗਿਣਤੀ ਚ ਜ਼ਮੀਨੀ ਦਸਤਾਵੇਜ਼ ਅਤੇ ਜਾਅਲੀ ਕੰਪਨੀਆਂ ਦੇ ਰਿਕਾਰਡ ਮਿਲੇ ਹਨ।

ਪ੍ਰਾਪਤ ਜਾਣਕਾਰੀ ਅਨੁਸਾਰ ਹੁਣ ਤੱਕ ਕਨੌਜ, ਫਾਰੂਖਾਬਾਦ, ਨੋਇਡਾ, ਦਿੱਲੀ, ਮੁੰਬਈ, ਗੋਆ ਸਮੇਤ ਦੱਖਣੀ ਭਾਰਤ ਦੇ ਕਈ ਸ਼ਹਿਰਾਂ ਵਿੱਚ 45 ਥਾਵਾਂ ਤੇ ਅਰਬਾਂ ਰੁਪਏ ਦੀਆਂ ਅਣਐਲਾਨੀ ਜਾਇਦਾਦਾਂ ਦਾ ਪਰਦਾਫਾਸ਼ ਕੀਤਾ ਗਿਆ ਹੈ।

ਇਸ ਦੇ ਨਾਲ ਹੀ ਗਰੁੱਪ ਦੇ ਚੇਅਰਮੈਨ ਦੇ ਸਵਰੂਪ ਨਗਰ ਸਥਿਤ ਘਰ ਤੋਂ ਵੀ ਕਰੀਬ 12 ਕਰੋੜ ਰੁਪਏ ਦੀ ਨਕਦੀ ਬਰਾਮਦ ਹੋਈ ਹੈ। ਇਸ ਦੇ ਨਾਲ ਹੀ ਕਨੌਜ ਚ ਚੱਲ ਰਹੀ ਛਾਪੇਮਾਰੀ ਦੌਰਾਨ ਉਥੋਂ ਨਕਦੀ ਵੀ ਬਰਾਮਦ ਕੀਤੀ ਗਈ ਹੈ। ਉੱਥੇ ਨੋਟ ਗਿਣਨ ਲਈ ਮਸ਼ੀਨ ਵੀ ਲਿਆਂਦੀ ਗਈ ਹੈ। ਇਹ ਬਿਮਾਰੀ ਦੋ ਤੋਂ ਤਿੰਨ ਦਿਨ ਹੋਰ ਜਾਰੀ ਰਹਿਣ ਦੀ ਸੰਭਾਵਨਾ ਹੈ। ਸੂਤਰਾਂ ਨੇ ਦੱਸਿਆ ਕਿ ਟੈਕਸ ਚੋਰੀ ਦੇ ਖਿਲਾਫ ਇਸ ਛਾਪੇਮਾਰੀ ਦੀ ਸਫਲਤਾ ਲਈ ਦਿੱਲੀ, ਮੁੰਬਈ ਦੇ ਫੋਰੈਂਸਿਕ ਮਾਹਿਰਾਂ ਨੇ ਅਹਾਤੇ ਤੋਂ ਮਿਲੇ ਕਈ ਇਲੈਕਟ੍ਰਾਨਿਕ ਉਪਕਰਨਾਂ ਦਾ ਵਿਸ਼ਲੇਸ਼ਣ ਕੀਤਾ ਹੈ।

ਸੂਤਰਾਂ ਮੁਤਾਬਕ ਡਿਵਾਈਸ ਤੋਂ ਕਈ ਮਹੱਤਵਪੂਰਨ ਡੇਟਾ ਵੀ ਡਿਲੀਟ ਕੀਤੇ ਗਏ ਹਨ। ਹੁਣ ਤੱਕ ਦੀ ਜਾਂਚ ਵਿੱਚ ਗਰੁੱਪ ਅਤੇ ਇਸ ਦੇ ਸਹਿਯੋਗੀਆਂ ਵੱਲੋਂ ਵੱਡੀ ਟੈਕਸ ਚੋਰੀ ਦਾ ਵੀ ਖੁਲਾਸਾ ਹੋਇਆ ਹੈ। ਫਿਲਹਾਲ ਇਸ ਛਾਪੇਮਾਰੀ ਚ ਹੁਣ ਤੱਕ 50 ਕਰੋੜ ਤੋਂ ਵੱਧ ਦੀ ਟੈਕਸ ਚੋਰੀ ਫੜੀ ਗਈ ਹੈ। ਇਸ ਦੇ ਨਾਲ ਹੀ 100 ਤੋਂ ਵੱਧ ਜਾਅਲੀ ਕੰਪਨੀਆਂ ਦੇ ਸਬੂਤ ਵੀ ਮਿਲੇ ਹਨ। ਜਿਸ ਦੀ ਜਾਂਚ ਲਗਾਤਾਰ ਜਾਰੀ ਹੈ।

ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਐੱਸਐੱਨ ਦੇ ਪਾਨ ਮਸਾਲਾ ਗਰੁੱਪ ਚ ਟੈਕਸ ਚੋਰੀ ਦੇ ਖਿਲਾਫ ਕਈ ਛਾਪੇ ਮਾਰੇ ਜਾ ਚੁੱਕੇ ਹਨ, ਜਿਸ ਚ ਕਰੋੜਾਂ ਦੀ ਟੈਕਸ ਚੋਰੀ ਦਾ ਪਰਦਾਫਾਸ਼ ਵੀ ਹੋਇਆ ਹੈ।

# ਮੇਅਰ ਮੋਤੀ ਭਾਟੀਆ ਵੱਲੋਂ ਹਾਈਟੇਕ ਤਰੀਕੇ ਨਾਲ ਰਿਕਵਰੀ ਕਰਨ ਤੇ ਦਿੱਤਾ ਰਿਹਾ ਹੈ ਜੋਰ

ਅੰਮ੍ਰਿਤਸਰ, (ਲੋਕ ਬਾਣੀ) ਠਨ- ਠਨ ਗੋਪਾਲ ਹੋਏ ਨਗਰ ਨਿਗਮ ਦੇ ਗੱਲੇ ਦੇ ਵਿੱਚ ਹਾਈਟੇਕ ਰਿਕਵਰੀ ਦੇ ਜਰੀਏ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਵੱਲੋਂ ਉੱਚ ਪੱਧਰ ਤੇ ਜੋਰ ਦਿੱਤਾ ਜਾ ਰਿਹਾ ਹੈ। ਜਿਸ ਨੂੰ ਲੈ ਕੇ ਮੇਅਰ ਮੋਟੀ ਭਾਟੀਆ ਵੱਲੋਂ ਲਾਇਸੰਸ,ਤਹਿਬਜਾਰੀ ਅਤੇ ਕੰਜਰਵੈਂਸੀ ਦੀ ਕੱਛੂਕੰਮੇ ਦੀ ਚਾਲ ਨਾਲ ਚੱਲ ਰਹੀ ਰਿਕਵਰੀ ਦੇ ਵਿੱਚ ਤੇਜ਼ੀ ਲਿਆਉਂਣ ਲਈ ਹਾਈਟੇਕ ਯੁੱਗ ਦੇ ਵਿੱਚ ਹਾਈਟੇਕ ਤਰੀਕੇ ਦੇ ਨਾਲ ਰਿਕਵਰੀ ਕਰਨ ਸਬੰਧੀ ਬੈਠਕ ਕੀਤੀ ਗਈ। ਸਹਾਇਕ ਕਮਿਸ਼ਨਰ ਦਲਜੀਤ ਸਿੰਘ,ਸਹਾਇਕ ਕਮਿਸ਼ਨਰ ਰਜਿੰਦਰ ਸ਼ਰਮਾ, ਸੁਪਰਡੈਂਟ ਲਵਲੀਨ ਸ਼ਰਮਾ ਸਮੇਤ ਹੋਰ ਕਰਮਚਾਰੀਆਂ ਦੇ ਨਾਲ ਬੈਠਕ ਕਰਦੇ ਹੋਏ ਮੇਅਰ ਮੋਤੀ ਭਾਟੀਆ ਨੇ ਕਿਹਾ ਕਿ ਹਰ ਵਿਭਾਗ ਦੇ ਵਿੱਚ ਰਿਕਵਰੀ ਦੇ ਲਈ ਤੇਜ਼ੀ ਲਿਆਉਂਦੇ ਹੋਏ ਪਾਉਜ਼ ਮਸ਼ੀਨਾਂ ਕਰਮਚਾਰੀਆਂ ਦੇ ਹੱਥਾਂ ਚ ਲਿਆਂਦਿਆਂ ਜਾਣ। ਇਸ ਦੇ ਨਾਲ ਨਾਲ ਟੈਕਸ, ਬਿੱਲਾਂ,ਫ਼ੀਸਾਂ ਦਾ ਭੁਗਤਾਨ ਨਾ ਕਰਨ ਵਾਲੇ ਲੋਕਾਂ ਅਤੇ ਡਿਫਾਲਟਰਾਂ ਤੱਕ ਬਾਰ-ਬਾਰ ਅਤੇ ਲਗਾਤਾਰ ਮੋਬਾਇਲ ਜਰੀਏ ਮੈਸੇਜ ਭੇਜਣ ਦੀ ਪ੍ਰਕਿਰਿਆ ਨੂੰ ਵੀ ਛੇਤੀ ਤੋਂ ਛੇਤੀ ਪੂਰਾ ਕੀਤਾ ਜਾਵੇ। ਭੁਗਤਾਨ ਨਾ ਹੋਣ ਦੀ ਸੂਰਤ ਵਿੱਚ ਨੋਟਿਸ, ਲੇਟ ਫੀਸਾਂ ਅਤੇ ਜੁਰਮਾਨੇ ਲਈ ਟਨ-ਟਨ ਕਰਦਿਆਂ ਮੈਸੇਜ ਭੇਜਣੇ ਜਰੂਰੀ ਹਨ। ਉਹਨਾਂ ਨੇ ਕਿਹਾ ਕਿ ਰਿਕਵਰੀ ਦੇ ਵਿੱਚ ਲਾਪਰਵਾਹੀ ਬਰਦਾਸ਼ਤ ਨਾ ਕੀਤੀ ਜਾਵੇ। ਰਿਕਵਰੀ ਲਈ ਜਦੋਂ ਵੀ ਕਿਸੇ ਵਿਭਾਗ ਦੀ ਟੀਮ ਸੜਕਾਂ ਤੇ ਉੱਤਰਦੇ ਹੋਏ ਦੁਕਾਨਦਾਰਾਂ ਤੱਕ ਪਹੁੰਚੇਗੀ। ਤਾਂ ਦੁਕਾਨਦਾਰ ਨੂੰ ਜੋਨ ਤੱਕ ਜਾ ਕੇ ਆਪਣਾ ਟੈਕਸ ਅਦਾ ਕਰਨ ਦੀ ਉਡੀਕ ਨਾ ਕੀਤੀ ਜਾਵੇ, ਜਦਕਿ ਮੌਕੇ ਤੇ ਹੀ ਪਾਉਜ਼ ਮਸ਼ੀਨਾਂ ਦੀ ਵਰਤੋਂ ਕਰਦੇ ਹੋਏ ਬਣਦੇ ਟੈਕਸ ਬਿੱਲ ਅਤੇ ਫੀਸਾਂ ਰਿਕਵਰ ਕੀਤੀਆਂ ਜਾਣ। ਬੈਠਕ ਦੇ ਦੌਰਾਨ ਸਹਾਇਕ ਕਮਿਸ਼ਨਰ ਬਣੇ ਦਲਜੀਤ ਸਿੰਘ ਅਤੇ ਰਜਿੰਦਰ ਸ਼ਰਮਾ ਵੱਲੋਂ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਨਾਲ ਇੱਕ ਦੂਸਰੇ ਦਾ ਬਰਫੀ ਨਾਲ ਮੂੰਹ ਮਿੱਠਾ ਵੀ ਕਰਵਾਇਆ ਗਿਆ।



ਬੈਠਕ ਦੌਰਾਨ ਮੋਤੀ ਭਾਟੀਆ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਨਿਗਮ ਦੇ ਗੱਲੇ ਤੱਕ ਰਿਕਵਰੀ ਦੇ ਪੈਸੇ ਲਿਆਉਣ ਵਿੱਚ ਜੋ ਲਾਪਰਵਾਹੀ ਕੀਤੀ ਜਾ ਰਹੀ ਹੈ। ਉਸਦੇ ਉਲਟ ਹੁਣ ਪੂਰੀ ਤੇਜ਼ੀ ਲਿਆਂਉਦੇ ਹੋਏ ਪੈਸੇ ਅਦਾ ਕਰਨ ਵਾਲਿਆਂ ਤੱਕ ਖ਼ੁਦ ਪਹੁੰਚ ਕੀਤੀ ਜਾਵੇ। ਇਸ ਤਰ੍ਹਾਂ ਪ੍ਰਤੀ ਮਹੀਨੇ ਚਾਰ ਤੋਂ ਪੰਜ ਕਰੋੜ ਰੁਪਏ ਤੱਕ ਦੀ ਰਿਕਵਰੀ ਵਿੱਚ ਵਾਧਾ ਕੀਤਾ ਜਾਵੇ। ਉਨਾਂ ਵੱਲੋਂ ਸਹਾਇਕ ਕਮਿਸ਼ਨਰ ਰਜਿੰਦਰ ਸ਼ਰਮਾ ਦੀ ਸਬੰਧਤ ਅਧਿਕਾਰੀਆਂ ਦੇ ਨਾਲ ਲਗਾਤਾਰ ਸੰਪਰਕ ਕਰਦੇ ਹੋਏ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਤੱਕ ਪਾਉਜ਼ ਮਸ਼ੀਨਾਂ ਛੇਤੀ ਤੋਂ ਛੇਤੀ ਮੁਹਈਆ ਕਰਵਾਉਣ ਲਈ ਡਿਊਟੀ ਵੀ ਲਗਾਈ ਗਈ। ਉਹਨਾਂ ਨੇ ਸੁਪਰਡੈਂਟ ਲਵਲੀਨ ਸ਼ਰਮਾ ਨੂੰ ਵੱਧ ਤੋਂ ਵੱਧ ਲਾਇਸੰਸ ਦੀ ਰਿਕਵਰੀ ਕਰਨ ਲਈ ਕਿਹਾ ਗਿਆ। ਮੇਅਰ ਨੇ ਕਿਹਾ ਕਿ ਰਿਕਵਰੀ ਨੂੰ ਲੈ ਕੇ ਹਰ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਬੈਠਕਾਂ ਕੀਤੀਆਂ ਗਈਆਂ ਹਨ ਅਤੇ ਇਹਨਾਂ ਦਾ ਸਿਲਸਿਲਾ ਲਗਾਤਾਰ ਜਾਰੀ ਰੱਖਿਆ ਜਾਵੇਗਾ।

# ਰੁਟੀਨ ਇਮੂਨਾਈਜੇਸ਼ਨ ਸੰਬਧੀ ਜਿਲਾ ਪੱਧਰੀ ਮੈਡੀਕਲ ਅਫਸਰ ਹੈਂਡਬੁੱਕ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ




ਅੰਮ੍ਰਿਤਸਰ (ਲੋਕ ਬਾਣੀ)- ਪੰਜਾਬ ਸਰਕਾਰ ਦੇ ਹੁਕਮਾਂ ਅਨੂਸਾਰ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਦੀ ਪ੍ਰਧਾਨਗੀ ਹੇਠਾਂ ਜਿਲਾ ਪੱਧਰੀ ਰੁਟੀਨ ਇਮੂਨਾਈਜੇਸ਼ਨ ਸੰਬਧੀ ਮੈਡੀਕਲ ਅਫਸਰ ਹੈਂਡਬੁੱਕ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਟ੍ਰੇਨਿੰਗ ਦੌਰਾਣ ਜਿਲੇ ਭਰ ਦੇ ਬਲਾਕ ਨੋਡਲ ਅਫ਼ਸਰ ਅਤੇ ਮੈਡੀਕਲ ਅਫਸਰ ਵਲੋਂ ਸ਼ਿਰਕਤ ਕੀਤੀ ਗਈ। ਇਸ ਅਵਸਰ ਤੇ ਜਿਲਾ ਟੀਕਾਕਰਣ ਅਫਸਰ ਡਾ.ਭਾਰਤੀ ਨੇ ਕਿਹਾ ਕਿ ਰੁਟੀਨ ਟੀਕਾਕਰਣ ਰਾਹੀਂ 12 ਮਾਰੂ ਬੀਮਾਰੀਆਂ ਤੋਂ ਬੱਚਿਆਂ ਨੂੰ ਸੁਰੱਖਿਅਤ ਕੀਤਾ ਜਾਂਦਾ ਹੈ। ਇਸ ਲਈ ਸਾਰੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਮੁਕੰਮਲ ਟੀਕਾਕਰਣ ਕਰਵਾ ਕੇ ਇਹਨਾਂ ਮਾਰੂ ਬੀਮਾਰੀਆਂ ਤੋਂ ਹਮੇਸ਼ਾਂ ਲਈ ਸੁਰੱਖਿਅਤ ਕਰਨ। ਇਸ ਤੋ ਇਲਾਵਾ ਯੂ ਵਿਨ ਐਪ ਤੇ ਬੱਚਿਆਂ ਦੇ ਟੀਕਾਕਰਣ (ਵੈਕਸੀਨੇਸ਼ਨ) ਦਾ ਸਾਰਾ ਡਾਟਾ ਅੱਪ ਲੋਡ ਕੀਤਾ ਜਾਂਦਾ ਹੈ, ਜਿਸ ਨਾਲ ਹਰੇਕ ਬੱਚੇ ਟੀਕਾਕਰਣ ਦਾ ਰਿਕਾਰਡ ਕਿਸੇ ਵੀ ਜਗਾ ਤੇ ਇੰਟਰਨੈਟ ਦੀ ਮਦਦ ਨਾਲ ਹਾਸਿਲ ਕੀਤਾ ਜਾ ਸਕਦਾ ਹੈ, ਜਿਸ ਨਾਲ ਟੀਕਾਕਰਣ ਵਿਚ ਆਸਾਨੀ ਹੋ ਸਕੇਗੀ।ਇਸ ਦੀ ਮਦਦ ਨਾਲ ਹੁਣ ਵੈਕਸੀਨੇਸ਼ਨ ਸਰਟੀਫਿਕੇਟ ਵੀ ਪ੍ਰਿੰਟ ਕੀਤੇ ਜਾ ਸਕਣਗੇ। ਇਸ ਅਵਸਰ ਤੇ ਵਿਸ਼ਵ ਸਿਹਤ ਸੰਸਥਾ ਵਲੋਂ ਡਾ ਇਸ਼ਿਤਾ ਵਲੋਂ ਇਸ ਸੰਬਧੀ ਬੜੇ ਵਿਸ਼ਥਾਰ ਨਾਲ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਤੇ ਬੀ.ਸੀ.ਜੀ. ਅਫਸਰ ਡਾ ਮਨਮੀਤ ਕੌਰ , ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਸ਼੍ਰੀਮਤੀ ਤ੍ਰਿਪਤਾ ਕੁਮਾਰੀ ਅਤੇ ਸਮੂਹ ਸਟਾਫ ਹਾਜਰ ਸੀ।

# ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਦੇ ਨਾਲ ਆਵੇਗੀ ਸੜਕ ਦੁਰਘਟਨਾਵਾਂ ਚ ਕਮੀ : ਏ.ਸੀ.ਪੀ ਗੁਰਪ੍ਰੀਤ ਸਿੰਘ ਸਿੱਧੂ

ਲੁਧਿਆਣਾ, ( ਸੁਖਚੈਨ ਮਹਿਰਾ) ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਵਿਖੇ ਆਲ ਇੰਡੀਆ ਰੇਡੀਓ ਦੇ ਦਫ਼ਤਰ ਵਿੱਚ ਸ਼ਹਿਰ ਵਾਸੀਆਂ ਨੂੰ ਟ੍ਰੈਫ਼ਿਕ ਨਿਯਮਾਂ ਤੋਂ ਅਤੇ ਈ ਚਲਾਨ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਲੁਧਿਆਣਾ ਸ਼ਹਿਰ ਦੇ ਏ.ਸੀ.ਪੀ ਟ੍ਰੈਫ਼ਿਕ 2 ਗੁਰਪ੍ਰੀਤ ਸਿੰਘ ਸਿੱਧੂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਨੇ ਆਰ.ਜੇ ਰਿਣੀ ਸ਼ਰਮਾ ਨਾਲ ਗੱਲਬਾਤ ਕਰਦਿਆਂ ਲੁਧਿਆਣਾ ਸ਼ਹਿਰੀਆਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਨਾਲ ਸੜਕਾਂ ਤੇ ਹੋਣ ਵਾਲੀਆਂ ਦੁਰਘਟਨਾਵਾਂ ਵਿੱਚ ਕਾਫੀ ਕਮੀ ਆਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਅਵੇਰਨੈੱਸ ਪ੍ਰੋਗਰਾਮਾਂ ਸਦਕਾ ਹੀ ਲੁਧਿਆਣਾ ਸ਼ਹਿਰ ਦੇ ਲੋਕ ਹੁਣ ਕਾਫੀ ਹੱਦ ਤੱਕ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਲੱਗੇ ਹਨ।



ਉਨ੍ਹਾਂ ਕਿਹਾ ਕਿ ਲੁਧਿਆਣਾ ਸ਼ਹਿਰ ਦੇ ਚੌਂਕਾਂ ਵਿੱਚ ਲੱਗੇ ਕੈਮਰਿਆਂ ਰਾਂਹੀ ਈ ਚਲਾਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੁਧਿਆਣਾ ਸ਼ਹਿਰ ਵਿੱਚ 26 ਜਨਵਰੀ ਤੋਂ ਬਾਅਦ ਸ਼ਹਿਰ ਦੇ ਵੱਖ- ਵੱਖ ਚੌਂਕਾਂ ਵਿੱਚ ਲੱਗੇ ਕੈਮਰਿਆਂ ਸਦਕਾ ਟ੍ਰੈਫ਼ਿਕ ਨੂੰ ਕੰਟਰੋਲ ਕਰਨ ਵਿੱਚ ਅਹਿਮ ਰੋਲ ਨਿਭਾ ਰਹੇ ਹਨ। ਇਸ ਮੌਕੇ ਆਕਾਸ਼ਵਾਣੀ ਲੁਧਿਆਣਾ ਦਫ਼ਤਰ ਦੇ ਪ੍ਰੋਗਰਾਮ ਹੈੱਡ ਕਰਨਵੀਰ ਸਿੰਘ ਨੇ ਏਸੀਪੀ ਟ੍ਰੈਫ਼ਿਕ ਗੁਰਪ੍ਰੀਤ ਸਿੰਘ ਸਿੱਧੂ ਦਾ ਦਫ਼ਤਰ ਆਉਣ ਤੇ ਜ਼ੋਰਦਾਰ ਸਵਾਗਤ ਕਰਦਿਆਂ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਆਰ.ਜੇ ਮਨਿੰਦਰ ਕੌਰ, ਸਰਬਜੀਤ ਸਿੰਘ ਲੁਧਿਆਣਵੀ, ਅਰਜਨ ਸਿੰਘ, ਆਰ. ਜੇ ਵਿਨਾਇਕਾ, ਆਰ.ਜੇ ਅਨੂੰ ਰਾਣੀਆਦਿ ਹਾਜ਼ਰ ਸਨ।

# ਸਰਕਾਰੀ ਸਕੂਲ ਅਤਲਾ ਕਲਾਂ ‘ਚ ਸੁਖਮਨੀ ਸਾਹਿਬ ਦੇ ਭੋਗ ਪਾਏ ਗਏ



ਜੋਗਾ, (ਲੋਕ ਬਾਣੀ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਤਲਾ ਕਲਾਂ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੀ ਮੀਟਿੰਗ ਕਰਵਾਈ ਹੈ। ਡੀਪੀਈ ਪਾਲਾ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਅਤਲਾ ਕਲਾਂ, ਗ੍ਰਾਮ ਪੰਚਾਇਤ ਅਤਲਾ ਕਲਾਂ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਕੂਲ ਕੈਂਪਸ ਨੂੰ ਰੰਗ ਰੋਗਨ ਕੀਤਾ ਗਿਆ ਹੈ। ਇਸ ਲਈ ਸੁਕਰਾਨੇ ਵਜੋਂ ਸਕੂਲ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਪਾਇਆ ਗਿਆ ਹੈ। ਸਕੂਲ ਦੀ ਦਿੱਖ ਸੁਧਾਰਨ ਲਈ ਪਾਏ ਗਏ ਯੋਗਦਾਨ ਲਈ ਦਾਨੀ ਸੱਜਣਾਂ ਦਾ ਸਕੂਲ ਮੁਖੀ ਗੁਰਦੇਵ ਸਿੰਘ ਅਤੇ ਸਟਾਫ ਵੱਲੋਂ ਸਨਮਾਨ ਕੀਤਾ ਗਿਆ।

ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਕੂਲ ਮੈਨੇਜਮੈਂਟ ਕਮੇਟੀ, ਗਰਾਮ ਪੰਚਾਇਤ ਅਤੇ ਕਲੱਬ ਦੇ ਨੁਮਾਇੰਦਿਆਂ ਨਾਲ ਸਿੱਖਿਆ ਸੁਧਾਰ ਅਤੇ ਹੋਰ ਏਜੰਡਿਆਂ ਸਬੰਧੀ ਮੀਟਿੰਗ ਵੀ ਕੀਤੀ ਗਈ। ਸਕੂਲ ਮੁਖੀ ਗੁਰਦੇਵ ਸਿੰਘ ਨੇ ਇਸ ਮੀਟਿੰਗ ਵਿੱਚ ਪਹੁੰਚੇ ਪਤਵੰਤਿਆਂ ਦਾ ਸਵਾਗਤ ਕਰਦਿਆਂ ਸਕੂਲ ਨੂੰ ਹਰ ਸੰਭਵ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਪਹੁੰਚੇ ਸਰਪੰਚ ਰਣਜੀਤ ਸਿੰਘ ਬਾਰੂ, ਸਾਬਕਾ ਸਰਪੰਚ ਭੂਰਾ ਸਿੰਘ, ਸਕੂਲ ਕਮੇਟੀ ਦੇ ਚੇਅਰਮੈਨ ਕੌਰਜੀਤ ਸਿੰਘ, ਸਮੂਹ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ, ਪਿੰਡ ਦੀਆਂ ਸਮਾਜੇਵੀ ਸ਼ਖਸ਼ੀਅਤਾਂ ਨੇ ਸਕੂਲ ਦੀਆਂ ਲੋੜਾਂ ਸਬੰਧੀ ਵਿਚਾਰ ਚਰਚਾ ਕਰਦਿਆਂ ਸਕੂਲ ਨੂੰ ਭਰਭੂਰ ਸਹਿਯੋਗ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਨਵੀਂ ਦਾਖਲਾ ਮੁਹਿੰਮ ਦੀ ਫਲੈਕਸ ਵੀ ਜਾਰੀ ਕੀਤਾ ਗਿਆ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# *ਭਾਰਤੀ ਬੈਡਮਿੰਟਨ ਟੀਮ ਦੇ ਸਾਬਕਾ ਕੋਚ ਗੌਰਵ ਮਲ੍ਹਨ ਜਲੰਧਰ ਦੇ ਖਿਡਾਰੀਆਂ ਨੂੰ ਦੇਣਗੇ ਟ੍ਰੇਨਿੰਗ



ਜਲੰਧਰ: (ਲੋਕ ਬਾਣੀ) ਭਾਰਤੀ ਬੈਡਮਿੰਟਨ ਟੀਮ ਦੇ ਸਾਬਕਾ ਕੋਚ ਗੌਰਵ ਮਲ੍ਹਨ ਸ਼ਨੀਵਾਰ ਨੂੰ ਜਲੰਧਰ ਬੈਡਮਿੰਟਨ ਐਸੋਸੀਏਸ਼ਨ ਨਾਲ ਜੁੜ ਗਏ ਅਤੇ ਹੁਣ ਉਹ ਰਾਇਜਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ ਖਿਡਾਰੀਆਂ ਨੂੰ ਬੈਡਮਿੰਟਨ ਦੀ ਟ੍ਰੇਨਿੰਗ ਦੇਣਗੇ। ਮਲ੍ਹਨ, ਜੋ 2020 ਦੇ ਥੌਮਸ ਕੱਪ ਦੌਰਾਨ ਭਾਰਤੀ ਟੀਮ ਦੇ ਕੋਚ ਰਹੇ, ਪਹਿਲਾਂ ਹੈਦਰਾਬਾਦ ਵਿਖੇ ਪੁਲੇਲਾ ਗੋਪੀਚੰਦ ਅਕਾਦਮੀ ਵਿੱਚ ਸੀਨੀਅਰ ਕੋਚ ਰਹੇ ਹਨ ਅਤੇ ਉਹ ਮਿਸਰ ਦੀ ਰਾਸ਼ਟਰੀ ਟੀਮ ਦੇ ਮੁੱਖ ਕੋਚ ਵੀ ਰਹੇ ਹਨ। ਐਨਆਈਐਸ ਅਤੇ ਬੀਡਬਲਯੂਐਫ ਪ੍ਰਮਾਣਿਤ ਕੋਚ ਮਲ੍ਹਨ ਆਪਣੇ ਵਿਸ਼ਾਲ ਅੰਤਰਰਾਸ਼ਟਰੀ ਅਨੁਭਵ ਨਾਲ ਇਸ ਨਵੀਂ ਭੂਮਿਕਾ ਨੂੰ ਨਿਭਾਉਣਗੇ।
ਜਲੰਧਰ ਪਹੁੰਚਣ ਤੇ ਡੀ.ਬੀ.ਏ. ਸਕੱਤਰ ਰਿਤਿਨ ਖੰਨਾ ਨੇ ਗੌਰਵ ਮਲ੍ਹਨ ਦਾ ਵਿਸ਼ੇਸ਼ ਸਵਾਗਤ ਕੀਤਾ। ਇਸ ਮੌਕੇ ਤੇ ਖੰਨਾ ਨੇ ਓਲੰਪਿਅਨ ਦੀਪਾਂਕਰ ਭੱਟਾਚਾਰਜੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਮਲ੍ਹਨ ਦੇ ਜਲੰਧਰ ਆਉਣ ਵਿੱਚ ਸਹਿਯੋਗ ਦਿੱਤਾ। ਉਨ੍ਹਾਂ ਨੇ ਕਿਹਾ ਕਿ ਰਾਸ਼ਟਰੀ ਪੱਧਰ ਦੇ ਕੋਚ ਵਲੋਂ ਸਥਾਨਕ ਖਿਡਾਰੀਆਂ ਨੂੰ ਮਿਲਣ ਵਾਲੀ ਟਰੇਨਿੰਗ ਸ਼ਹਿਰ ਲਈ ਇਕ ਵੱਡੀ ਉਪਲਬਧੀ ਹੋਵੇਗੀ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਜਲੰਧਰ ਵਿੱਚ ਜਲਦੀ ਹੀ ਮਲ੍ਹਨ ਦੇ ਮਾਰਗਦਰਸ਼ਨ ਹੇਠ ਇੱਕ ਵਿਸ਼ੇਸ਼ ਗਰਮੀ ਦਾ ਕੈਂਪ ਲਗਾਇਆ ਜਾਵੇਗਾ, ਜਿਸ ਵਿੱਚ ਉਭਰਦੇ ਹੋਏ ਬੈਡਮਿੰਟਨ ਖਿਡਾਰੀਆਂ ਨੂੰ ਵਿਸ਼ੇਸ਼ ਟ੍ਰੇਨਿੰਗ ਦਿੱਤੀ ਜਾਵੇਗੀ। ਖੰਨਾ ਨੇ ਉੱਤਰੀ ਭਾਰਤ ਦੇ ਬੈਡਮਿੰਟਨ ਖਿਡਾਰੀਆਂ ਵੱਲੋਂ ਪੇਸ਼ੇਵਰ ਪ੍ਰਸ਼ਿਕਸ਼ਣ ਲਈ ਦੱਖਣੀ ਭਾਰਤ ਜਾਣ ਦੀਆਂ ਚੁਣੌਤੀਆਂ ਵੀ ਸਾਹਮਣੇ ਰਖੀਆਂ। ਉਨ੍ਹਾਂ ਕਿਹਾ ਕਿ ਹੋਰ ਰਾਜਾਂ ਵਿੱਚ ਟਰੇਨਿੰਗ ਲਈ ਜਾਣ ਵਾਲੇ ਖਿਡਾਰੀਆਂ ਨੂੰ ਆਥਿਰਕ ਬੋਝ, ਖਾਣ-ਪੀਣ, ਪੜਾਈ ਅਤੇ ਰਹਿਣ-ਸਹਿਣ ਵਰਗੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਕਰਕੇ, ਜਲੰਧਰ ਵਿੱਚ ਉੱਚ-ਗੁਣਵੱਤਾ ਵਾਲਾ ਕੋਚਿੰਗ ਕੇਂਦਰ ਸਥਾਪਤ ਕਰਨਾ ਖੇਤਰੀ ਖਿਡਾਰੀਆਂ ਲਈ ਬਹੁਤ ਲਾਭਕਾਰੀ ਹੋਵੇਗਾ।
ਜਲੰਧਰ ਪਹੁੰਚਣ ਤੇ ਗੌਰਵ ਮਲ੍ਹਨ ਨੇ ਰਾਇਜਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਦੀ ਸ਼ਾਨਦਾਰ ਸਹੂਲਤਾਂ ਦੀ ਤਾਰੀਫ ਕੀਤੀ ਅਤੇ ਯੁਵਾ ਖਿਡਾਰੀਆਂ ਨੂੰ ਤਿਆਰ ਕਰਨ ਲਈ ਡੀ.ਬੀ.ਏ. ਨੂੰ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ।

ਗੌਰ ਕਰਨਯੋਗ ਹੈ ਕਿ ਹੰਸਰਾਜ ਸਟੇਡੀਅਮ ਚ ਸਥਿਤ ਓਲੰਪਿਅਨ ਦੀਪਾਂਕਰ ਭੱਟਾਚਾਰਜੀ ਬੈਡਮਿੰਟਨ ਅਕਾਦਮੀ ਚ ਲਗਭਗ 150-200 ਵੱਖ-ਵੱਖ ਉਮਰ ਵਰਗ ਦੇ ਖਿਡਾਰੀ ਟ੍ਰੇਨਿੰਗ ਲੈ ਰਹੇ ਹਨ। ਪਿਛਲੇ ਚਾਰ ਸਾਲਾਂ ਚ, ਇਸ ਅਕਾਦਮੀ ਨੇ ਕਈ ਰਾਸ਼ਟਰੀ ਪੱਧਰ ਦੇ ਖਿਡਾਰੀ ਤਿਆਰ ਕੀਤੇ ਹਨ।

# ਨਗਰ ਨਿਗਮ ਵਿੱਚ ਕਮਿਸ਼ਨਰਾਂ ਦੀ ਹੋਈ ਗਹਿਮਾ ਗਹਿਮੀ



ਅੰਮ੍ਰਿਤਸਰ,(ਲੋਕ ਬਾਣੀ))- ਪੰਜਾਬ ਸਰਕਾਰ ਵੱਲੋਂ ਸੈਕਟਰੀ ਦਲਜੀਤ ਸਿੰਘ ਅਤੇ ਰਜਿੰਦਰ ਸ਼ਰਮਾ ਦੀ ਪ੍ਰਮੋਸ਼ਨ ਕਰਦੇ ਹੋਏ ਸਹਾਇਕ ਕਮਿਸ਼ਨਰ ਬਣਾਉਣ ਉਪਰੰਤ ਉਹਨਾਂ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਰਿਹਾ। ਵਿਸ਼ਾਲ ਵਧਾਵਨ ਤੋਂ ਬਾਅਦ ਉਕਤ ਦੋਨੋਂ ਅਧਿਕਾਰੀਆਂ ਦੀ ਤਰੱਕੀ ਤੋਂ ਬਾਅਦ ਅੰਮ੍ਰਿਤਸਰ ਵਿੱਚ ਤਿੰਨ ਸਹਾਇਕ ਕਮਿਸ਼ਨਰ ਤੈਨਾਤ ਹੋ ਗਏ ਹਨ। ਪਰ ਨਗਰ ਨਿਗਮ ਅੰਮ੍ਰਿਤਸਰ ਵਿੱਚ ਦੋ ਸਹਾਇਕ ਕਮਿਸ਼ਨਰ ਹੀ ਰਹਿ ਸਕਦੇ ਹਨ। ਜਦਕਿ ਇਹਨਾਂ ਤੋਂ ਇਲਾਵਾ ਸੁਰਿੰਦਰ ਸਿੰਘ ਅਡੀਸ਼ਨਲ ਕਮਿਸ਼ਨਰ ਅਤੇ ਜੈ ਇੰਦਰ ਸਿੰਘ ਜਾਇੰਟ ਕਮਿਸ਼ਨਰ ਵੀ ਅੰਮ੍ਰਿਤਸਰ ਵਿਖੇ ਹੀ ਤੈਨਾਤ ਹਨ।

ਹੁਣ ਦੇਖਣਾ ਇਹ ਹੋਵੇਗਾ ਕਿ ਤਿੰਨ ਸਹਾਇਕ ਕਮਿਸ਼ਨਰਾਂ ਵਿੱਚੋਂ ਕਿਹੜੇ ਸਹਾਇਕ ਕਮਿਸ਼ਨਰ ਦੀ ਕਿੱਥੇ ਐਡਜਸਟਮੈਂਟ ਹੋਵੇਗੀ। ਨਗਰ ਨਿਗਮ ਵਿਖੇ ਬੇਸ਼ੱਕ ਸੀਵਰੇਜ ਅਤੇ ਵਾਟਰ ਸਪਲਾਈ ਵਿਭਾਗ ਵਿੱਚ ਸਿਵਲ ਵਿਭਾਗ ਤੋਂ ਇਲਾਵਾ ਸੰਦੀਪ ਸਿੰਘ ਅਡੀਸ਼ਨਲ ਚਾਰਜ ਵਜੋਂ ਦੇਖ ਰਹੇ ਹਨ। ਤੀਸਰੇ ਸਹਾਇਕ ਕਮਿਸ਼ਨਰ ਨੂੰ ਖਾਲੀ ਪਈਆਂ ਕੁਰਸੀਆਂ ਸੀਵਰੇਜ ਅਤੇ ਪਾਣੀ ਵਿਭਾਗ ਜਾਂ ਸਟਰੀਟ ਲਾਈਟ ਵਿਭਾਗ ਦੇ ਐਸ.ਈ ਅਹੁਦੇ ਤੇ ਵੀ ਤੈਨਾਤ ਕੀਤਾ ਜਾ ਸਕਦਾ ਹੈ। ਉਂਝ ਦੇਖਿਆ ਜਾਵੇ ਤਾਂ ਜਾਣਕਾਰੀ ਮੁਤਾਬਿਕ ਆਪਣੀ ਇੱਛਾ ਮੁਤਾਬਿਕ ਸਹਾਇਕ ਕਮਿਸ਼ਨਰ ਰਜਿੰਦਰ ਸ਼ਰਮਾ ਕਪੂਰਥਲਾ ਵਿਖੇ ਸਹਾਇਕ ਕਮਿਸ਼ਨਰ ਦੇ ਖਾਲੀ ਪਈ ਕੁਰਸੀ ਤੇ ਵੀ ਤੈਨਾਤ ਹੋ ਸਕਦੇ ਹਨ। ਇਸ ਤੋਂ ਇਲਾਵਾ ਪਠਾਨਕੋਟ ਅਤੇ ਬਟਾਲਾ ਵਿਖੇ ਵੀ ਸਹਾਇਕ ਕਮਿਸ਼ਨਰ ਦੇ ਅਹੁਦੇ ਖਾਲੀ ਹਨ। ਅੰਮ੍ਰਿਤਸਰ ਵਿਖੇ ਦੇਖਿਆ ਜਾਵੇ ਤਾਂ ਕਈ ਵਾਰੀ ਕਈ ਕਈ ਦਿਨਾਂ ਤੱਕ ਬਿਨਾਂ ਤੈਨਾਤੀ ਦੇ ਕਮਿਸ਼ਨਰ ਦੀ ਕੁਰਸੀ ਵੀ ਖਾਲੀ ਰਹਿੰਦੀ ਹੈ। ਪਰ ਇਸ ਸਮੇਂ ਕਮਿਸ਼ਨਰ ਜਿਆਦਾ ਅਤੇ ਕੁਰਸੀਆਂ ਘੱਟ ਨਜ਼ਰ ਆ ਰਹੀਆਂ ਹਨ। ਕਮਿਸ਼ਨਰ ਦੇ ਅਹੁਦੇ ਤੇ ਗੁਲਪ੍ਰੀਤ ਸਿੰਘ ਔਲਖ, ਸੁਰਿੰਦਰ ਸਿੰਘ ਐਡੀਸ਼ਨਲ ਕਮਿਸ਼ਨਰ,ਜੈ ਇੰਦਰ ਸਿੰਘ ਜਾਇੰਟ ਕਮਿਸ਼ਨਰ,ਵਿਸ਼ਾਲ ਵਧਾਵਨ ਸਹਾਇਕ ਕਮਿਸ਼ਨਰ ਪਹਿਲਾਂ ਤੋਂ ਹੀ ਤੈਨਾਤ ਸਨ। ਹੁਣ ਪ੍ਰਮੋਸ਼ਨ ਹੋਣ ਤੋਂ ਬਾਅਦ ਦਲਜੀਤ ਸਿੰਘ ਅਤੇ ਰਜਿੰਦਰ ਸ਼ਰਮਾ ਵੀ ਸਹਾਇਕ ਕਮਿਸ਼ਨਰ ਫਿਲਹਾਲ ਅੰਮ੍ਰਿਤਸਰ ਵਿਖੇ ਹੀ ਤੈਨਾਤ ਹਨ। ਅਧਿਕਾਰੀਆਂ ਦੀ ਗਹਿਮਾ ਗਹਿਮੀ ਦੇ ਵਿੱਚ ਰਿਕਵਰੀ ਦੇ ਦੌਰਾਨ ਹੁਣ ਵੀ ਨਿਗਮ ਦਾ ਗੱਲਾਂ ਨਾ ਭਰੇ ਤਾਂ ਫਿਰ ਮਾੜੀ ਗੱਲ ਹੀ ਹੋਵੇਗੀ।

# ਬੁੱਢੇ ਦਰਿਆ ਵਿੱਚ ਪੈ ਰਹੇ ਗੰਦੇ ਪਾਣੀਆਂ ਨੂੰ ਰੋਕਣ ਦਾ ਮਾਮਲਾ



*ਲੁਧਿਆਣਾ, (ਸੁਖਚੈਨ ਮਹਿਰਾ)
ਬੁੱਢੇ ਦਰਿਆ ਨੂੰ ਮੁੜ ਪਵਿੱਤਰ ਬਣਾਉਣ ਦੀ ਸ਼ੁਰੂ ਕੀਤੀ ਗਈ ਕਾਰਸੇਵਾ ਦੌਰਾਨ ਜਿਹੜੇ ਅੱਠ ਪਿੰਡਾਂ ਦਾ ਗੰਦਾ ਪਾਣੀ ਬੁੱਢੇ ਦਰਿਆ ਵਿੱਚ ਪੈ ਰਿਹਾ ਸੀ, ਉਸਨੂੰ ਰੋਕਣ ਲਈ ਤਿੰਨ ਪਿੰਡਾਂ ਵਿੱਚ ਸੀਚੇਵਾਲ ਮਾਡਲ ਤਹਿਤ ਕੰਮ ਜੰਗੀ ਪੱਧਰ ਤੇ ਚੱਲ ਰਿਹਾ ਹੈ। ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਇਹਨਾਂ ਪਿੰਡਾਂ ਦਾ ਦੌਰਾ ਕਰਕੇ ਚੱਲ ਰਹੇ ਕੰਮਾਂ ਦਾ ਜ਼ਾਇਜ਼ਾ ਲਿਆ। ਪਿੰਡ ਭੂਖੜੀ ਖੁਰਦ ਵਿੱਚ ਸੀਚੇਵਾਲ ਮਾਡਲ ਤਹਿਤ ਬਣਾਏ ਜਾ ਰਹੇ ਤਿੰਨ ਖੂਹਾਂ ਦੇ ਨਿਰਮਾਣ ਦਾ ਕੰਮ 70 ਫੀਸਦੀ ਮੁਕੰਮਲ ਹੋ ਚੁੱਕਾ ਹੈ। ਇਸ ਤਰ੍ਹਾਂ ਲੱਖੋਵਾਲ ਪਿੰਡ ਵਿੱਚ ਵੀ ਕੰਮ ਮੁਕੰਮਲ ਹੋਣ ਦੇ ਨੇੜੇ ਹੈ।
ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਭੂਖੜੀ ਖੁਰਦ ਵਿੱਚ ਛੱਪੜ ਨੂੰ ਸਾਫ ਕਰਨਾ ਹੀ ਵੱਡੀ ਚੁਣੌਤੀ ਬਣਿਆ ਹੋਇਆ ਹੈ। ਇਸ ਪਿੰਡ ਦਾ ਛੱਪੜ ਬਿਲਕੁਲ ਬੁੱਢੇ ਦਰਿਆ ਦੇ ਕਿਨਾਰੇ ਤੇ ਹੈ। ਇਸ ਛੱਪੜ ਵਿੱਚ ਡੇਅਰੀਆਂ ਦੇ ਪੈ ਰਿਹਾ ਗੋਹਾ ਕੱਢਣ ਲਈ ਹੀ ਲਗਭਗ ਇੱਕ ਹਫਤੇ ਦਾ ਸਮਾਂ ਲੱਗ ਗਿਆ। ਉਹਨਾਂ ਨੇ ਦੱਸਿਆ ਕਿ ਲਗਾਤਾਰ ਦੋ ਮਸ਼ੀਨਾਂ ਗੋਹਾ ਕੱਢਣ ਲਈ ਦਿਨ ਰਾਤ ਚੱਲਦੀਆਂ ਰਹੀਆਂ ਤਾਂ ਜਾ ਕਿ ਇਸ ਗੋਹੇ ਨੂੰ ਕੱਢਿਆ ਜਾ ਸਕਿਆ। ਹੁਣ ਸੀਚੇਵਾਲ ਮਾਡਲ ਤਹਿਤ ਬਣ ਰਹੇ ਖੂਹਾਂ ਦਾ ਕੰਮ ਮੁਕੰਮਲ ਹੋਣ ਦੇ ਨੇੜੇ ਹੈ ਤੇ ਜਲਦੀ ਹੀ ਇਸ ਪਿੰਡ ਦਾ ਗੰਦਾ ਪਾਣੀ ਸੋਧਕੇ ਖੇਤੀ ਨੂੰ ਲੱਗਦਾ ਕੀਤਾ ਜਾਵੇਗਾ। ਇਸੇ ਤਰ੍ਹਾਂ ਹੀ ਇੱਕ ਵੱਖਰੀ ਟੀਮ ਪਿੰਡ ਲੱਖੋਵਾਲ ਵਿੱਚ ਸੀਚੇਵਾਲ ਮਾਡਲ ਤਹਿਤ ਛੱਪੜ ਦਾ ਨਿਰਮਾਣ ਕਰਨ ਵਿੱਚ ਲੱਗੀ ਹੋਈ ਹੈ। ਪਿੰਡ ਬੁੱਢੇਵਾਲ ਵਿੱਚ ਛੱਪੜ ਦੀ ਖੁਦਾਈ ਕਰਕੇ ਨਿਰਮਾਣ ਦਾ ਕਾਰਜ ਚੱਲ ਰਿਹਾ ਹੈ।
ਜ਼ਿਕਰਯੋਗ ਹੈ ਕਿ ਬੁੱਢੇ ਦਰਿਆ ਦੀ ਚੱਲ ਰਹੀ ਕਾਰਸੇਵਾ ਦੌਰਾਨ ਚਾਰ ਥਾਵਾਂ ਤੇ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਗੁਰਦੁਆਰਾ ਗਊਘਾਟ ਨੇੜੇ ਪੰਪਿੰਗ ਸਟੇਸ਼ਨ ਅਤੇ ਜਮਾਲਪੁਰ ਰੋਡ ਤੇ 225 ਐਮ.ਐਲ.ਡੀ ਟਰੀਟਮੈਂਟ ਪਲਾਂਟ ਦੇ ਨੇੜੇ ਦੋ ਕਰੇਨਾਂ ਬੁੱਢੇ ਦਰਿਆ ਵਿੱਚੋਂ ਗਾਰ ਕੱਢਣ ਲਈ ਲੱਗੀਆਂ ਹੋਈਆਂ ਹਨ। ਦਰਿਆ ਵਿੱਚ 8 ਤੋਂ 10 ਫੁੱਟ ਤੱਕ ਗਾਰ ਜੰਮਣ ਨਾਲ ਪਾਣੀ ਦਾ ਵਹਾਅ ਉਲਟ ਦਿਸ਼ਾ ਵੱਲ ਜਾ ਰਿਹਾ ਸੀ। ਇਹ ਦੋਵੇਂ ਕਰੇਨਾਂ ਚੱਲਣ ਨਾਲ ਦਰਿਆ ਵਿੱਚ ਵੱਡੇ ਪੱਧਰ ਤੇ ਗਾਰ ਕੱਢੀ ਗਈ ਹੈ। ਜਿਸ ਨਾਲ ਦਰਿਆ ਦਾ ਵਹਾਅ ਠੀਕ ਦਿਸ਼ਾ ਵੱਲ ਚੱਲਣ ਲੱਗ ਗਿਆ ਹੈ। ਇਸੇ ਤਰ੍ਹਾਂ ਜ਼ਮਾਲਪੁਰ ਰੋਡ ਤੇ ਹੀ ਬਣਾਏ ਜਾ ਰਹੇ ਇਸ਼ਨਾਨ ਘਾਟ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ। ਇਸ਼ਨਾਨ ਘਾਟ ਹੋਰ ਬਣਾਉਣ ਵਾਸਤੇ ਵੀ ਪੱਥਰ ਮੰਗਵਾਇਆ ਗਿਆ ਹੈ।

**ਸੰਤ ਸੀਚੇਵਾਲ ਵੱਲੋ ਵੈਕਿਊਮ ਤੇ ਪਾਣੀ ਵਾਲੇ ਟੈਕਰਾਂ ਲਈ ਦਿੱਤੀ 22 ਲੱਖ ਦੀ ਗ੍ਰਾਂਟ***

ਬੁੱਢੇ ਦਰਿਆ ਦੇ ਉਪਰੀ ਹਿੱਸੇ ਦੇ ਜਿਹੜੇ ਅੱਠ ਪਿੰਡਾਂ ਦਾ ਗੰਦਾ ਪਾਣੀ ਦਰਿਆ ਵਿੱਚ ਪੈ ਰਿਹਾ ਹੈ। ਉਸਨੂੰ ਰੋਕਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਤਹਿਤ ਚਾਰ ਪਿੰਡਾਂ ਨੂੰ 6000 ਲੀਟਰ ਵਾਲੇ ਵੈਕਿਊਮ ਟੈਂਕਰ ਦੇਣ ਵਾਸਤੇ 15 ਲੱਖ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਇਹ ਵੈਕਿਊਮ ਟੈਂਕਰ ਡੇਅਰੀਆਂ ਵਿੱਚੋਂ ਦਰਿਆ ਵਿੱਚ ਪੈ ਰਹੇ ਮਲ ਮੂਤਰ ਨੂੰ ਚੁੱਕ ਕੇ ਖੇਤਾਂ ਤੱਕ ਪਹੰਚਣ ਲਈ ਵਰਤੇ ਜਾਣਗੇ। ਇਸੇ ਤਰ੍ਹਾਂ ਪੀਣ ਵਾਲੇ ਪਾਣੀ ਦੇ 5000 ਲੀਟਰ ਵਾਲੇ ਨਵੇਂ ਟੈਂਕਰਾਂ ਲਈ ਦੋ ਪਿੰਡਾਂ ਨੂੰ 7 ਲੱਖ 31 ਹਜ਼ਾਰ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ।

***ਸਥਾਨਕ ਸਰਕਾਰਾਂ ਬਾਰੇ ਮੰਤਰੀ ਵੱਲੋਂ 17 ਫਰਵਰੀ ਨੂੰ ਬੁੱਢੇ ਦਰਿਆ ਦਾ ਕੀਤਾ ਜਾਵੇਗਾ ਦੌਰਾ***

ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਵੱਲੋਂ 17 ਫਰਵਰੀ 2025 ਦਿਨ ਸੋਮਵਾਰ ਨੂੰ ਬੁੱਢੇ ਦਰਿਆ ਦਾ ਦੌਰਾ ਕਰਨਗੇ। ਬੁੱਢੇ ਦਰਿਆ ਵਿੱਚ ਪੈ ਰਹੇ ਜ਼ਹਿਰੀਲੇ ਤੇ ਗੰਦੇ ਪਾਣੀਆਂ ਨੂੰ ਰੋਕਣ ਵਾਸਤੇ ਮੈਂਬਰ ਪਾਰਲੀਮੈਂਟ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ 2 ਫਰਵਰੀ 2024 ਤੋਂ ਕਾਰਸੇਵਾ ਸ਼ੁਰੂ ਕੀਤੀ ਗਈ ਹੈ। ਕਾਰਸੇਵਾ ਦੇ ਪਹਿਲੇ ਪੜਾਅ ਦੌਰਾਨ ਬੁੱਢੇ ਦਰਿਆ ਦੇ ਕਿਨਾਰਿਆਂ ਤੇ ਬੂਟੇ ਲਗਾਏ ਸਨ। ਕਾਰਸੇਵਾ ਦਾ ਦੂਜਾ ਪੜਾਅ 22 ਦਸੰਬਰ 2024 ਨੂੰ ਸ਼ੁਰੂ ਕੀਤਾ ਗਿਆ ਸੀ ਜਿਸ ਦੌਰਾਨ ਡੇਅਰੀਆਂ, ਫੈਕਟਰੀਆਂ ਤੇ ਨਗਰ ਨਿਗਰ ਦੇ ਪਾਣੀਆਂ ਨੂੰ ਰੋਕਣ ਲਈ ਮੁਹਿੰਮ ਚਲਾਈ ਸੀ। ਇਸਤੋਂ ਪਹਿਲਾਂ ਵੀ ਕਈ ਵਾਰ ਡਾ. ਰਵਜੋਤ ਸਿੰਘ ਵੱਲੋਂ ਬੁੱਢੇ ਦਰਿਆ ਦਾ ਦੌਰਾ ਕਰ ਚੁੱਕੇ ਹਨ।

# ਜਲੰਧਰ ਜ਼ਿਲ੍ਹੇ ਵਿੱਚ ਬਲਾਕ ਪੱਧਰੀ ਬੈਂਕਰਜ਼ ਕਮੇਟੀ ਦੀਆਂ ਤਿਮਾਹੀ ਮੀਟਿੰਗਾਂ ਦਾ ਕੰਮ ਪੂਰਾ ਹੋਇਆ !

ਜਲੰਧਰ-(ਲੋਕ ਬਾਣੀ)-ਆਰਥਿਕ ਵਰ੍ਹੇ 2024-2025 ਦੀ ਤੀਜੀ ਤਿਮਾਹੀ ਦੀ ਸਮੀਖਿਆ ਕਰਨ ਲਈ ਬਲਾਕ ਪੱਧਰੀ ਬੈਂਕਰਜ਼ ਕਮੇਟੀ ਦੀਆਂ ਮੀਟਿੰਗਾਂ ਦਾ ਸਿਲਸਿਲਾ
1 0.02.2025 ਨੂੰ ਪੂਰਾ ਹੋ ਗਿਆ ਹੈ! ਐਲ ਡੀ ਐਮ ਜਲੰਧਰ ਸ਼੍ਰੀ ਐੱਮ ਐੱਸ ਮੋਤੀ ਨੇ ਪ੍ਰੈਸ ਨੂੰ ਜਾਣਕਾਰੀ ਦਿੱਤੀ ਹੈ ਕਿ 20.01. 2025 ਨੂੰ ਜਲੰਧਰ ਪੂਰਬੀ ਅਤੇ ਪੱਛਮੀ ਬਲਾਕਾਂ ਦੀ ਮੀਟਿੰਗ ਨਾਲ ਇਹ ਸਿਲਸਿਲਾ ਸ਼ੁਰੂ ਹੋਇਆ ਸੀ ਜੋ ਕਿ 28.01. 2025 ਤੱਕ ਖਤਮ ਹੋਣਾ ਸੀ! ਪਰ 28.01.2025 ਨੂੰ ਪੰਜਾਬ ਬੰਦ ਹੋਣ ਕਰਕੇ ਭੋਗਪੁਰ ਬਲਾਕ ਦੀ ਮੀਟਿੰਗ ਅੱਗੇ ਪਾਉਣੀ ਪੈ ਗਈ ਸੀ ਜੋ ਕਿ ਹੁਣ 10.02.2025 ਨੂੰ ਪੂਰੀ ਕਰ ਲਈ ਗਈ ਹੈ ! ਜ਼ਿਲ੍ਹੇ ਦੇ ਵੱਖ - ਵੱਖ ਬਲਾਕਾਂ ਵਿੱਚ ਮੀਟਿੰਗਾਂ ਦੌਰਾਨ
ਏ. ਡੀ. ਸੀ. (ਪੇਂਡੂ ਵਿਕਾਸ ) ਦਫ਼ਤਰ ਤੋਂ ਆਜੀਵਕਾ ਮਿਸ਼ਨ ਦੇ ਨੁਮਾਇੰਦੇ, ਡੀ ਡੀ ਐੱਮ ਨਾਬਾਰਡ ਰਸ਼ੀਦ ਲੇਖੀ, ਰੂਡਸੈਟ ਇੰਸਟੀਚਿਊਟ ਦੇ ਡਾਇਰੈਕਟਰ ਸੰਜੀਵ ਚੌਹਾਨ, ਕਰਿਸਲ ਤੇ ਅਰੋਹ ਫਾਊਂਡੇਸ਼ਨਾਂ ਅਤੇ ਬੈਂਕ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ! ਮੀਟਿੰਗਾਂ ਵਿੱਚ ਤੀਜੀ ਤਿਮਾਹੀ ਦੌਰਾਨ (01.10.2024 ਤੋਂ 31.12.2024 ਤੱਕ ) ਬੈਂਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਦੇ ਨਾਲ - ਨਾਲ ਪਿਛਲੇ ਆਰਥਿਕ ਵਰ੍ਹੇ ਲਈ ਮਿਥੇ ਗਏ ਟੀਚੇ ਅਤੇ ਨਤੀਜਿਆਂ ਬਾਰੇ ਵੀ ਵਿਚਾਰ- ਵਟਾਂਦਰਾ ਕੀਤਾ ਗਿਆ ! ਇਹਨਾਂ ਮੀਟਿੰਗਾਂ ਵਿੱਚ ਯੂਕੋ ਬੈਂਕ ਵੱਲੋਂ 16.01.2025 ਤੋਂ 31.01.2025 ਤੱਕ ਮਨਾਏ ਸਫ਼ਾਈ ਪੰਦਰਵਾੜੇ ਬਾਰੇ ਵੀ ਚਰਚਾ ਕੀਤੀ ਗਈ! ਇਸ ਸਫਾਈ ਪੰਦਰਵਾੜੇ ਦੌਰਾਨ ਬੈਂਕ ਕਰਮਚਾਰੀਆਂ ਨੇ ਜਾਗਰੂਕਤਾ ਲਈ ਵੱਖ- ਵੱਖ ਗਤੀਵਿਧੀਆਂ ਕੀਤੀਆਂ ਜਿਵੇਂ ਪੌਦੇ ਲਗਾਉਣਾ, ਸਫਾਈ ਸਹੁੰ ਲੈਣਾ ਆਦਿ!



ਮੀਟਿੰਗਾਂ ਦੀ ਇਸ ਕੜੀ ਤਹਿਤ ਲੋਹੀਆਂ, ਸ਼ਾਹਕੋਟ, ਨਕੋਦਰ, ਮਹਿਤਪੁਰ, ਨੂਰਮਹਿਲ, ਫਿਲੌਰ, ਰੁੜਕਾ ਕਲਾਂ ਭੋਗਪੁਰ ਅਤੇ ਆਦਮਪੁਰ ਬਲਾਕਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ ! ਇਹਨਾਂ ਮੀਟਿੰਗਾਂ ਵਿੱਚ ਬੈਂਕ ਅਧਿਕਾਰੀਆਂ ਵੱਲੋਂ 31 ਦਸੰਬਰ , 2024 ਨੂੰ ਸਮਾਪਤ ਹੋਈ ਤਿਮਾਹੀ ਦੌਰਾਨ ਆਪਣੇ - ਆਪਣੇ ਬੈਂਕ ਦੀ ਕਾਰਗੁਜ਼ਾਰੀ ਬਾਰੇ ਜਾਣਕਾਰੀ ਦਿੱਤੀ ਗਈ! ਮੀਟਿੰਗਾਂ ਵਿੱਚ ਐਲ ਡੀ ਐੱਮ ਸ਼੍ਰੀ ਐਮ ਐਸ ਮੋਤੀ ਨੇ ਜਨ ਸੁਰੱਖਿਆ ਸਕੀਮਾਂ ਅਤੇ ਪ੍ਰਧਾਨ ਮੰਤਰੀ ਸਵੈਨਿਧੀ ਸਕੀਮ ਤਹਿਤ ਲਾਭਪਾਤਰੀਆਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਕਰਜ਼ੇ ਲਈ ਆਈਆਂ ਅਰਜ਼ੀਆਂ ਦੇ ਜਲਦੀ ਨਿਪਟਾਰੇ ਲਈ ਹਿਦਾਇਤਾਂ ਦਿੱਤੀਆਂ ! ਦਸੰਬਰ 2024 , ਤਿਮਾਹੀ ਦੀ ਸਮੀਖਿਆ ਦੇ ਨਾਲ-ਨਾਲ ਜ਼ਿਲ੍ਹੇ ਦੀ ਘੱਟ ਜਮ੍ਹਾਂ- ਕਰਜ਼ ਅਨੁਪਾਤ (ਸੀ. ਡੀ. ਰੇਸ਼ੋ) ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਬੈਂਕਾਂ ਨੂੰ ਇਸ ਵਿੱਚ ਸੁਧਾਰ ਕਰਨ ਲਈ ਵੱਧ ਤੋਂ ਵੱਧ ਕਰਜ਼ੇ ਮਨਜ਼ੂਰ ਕਰਨ ਲਈ ਕਿਹਾ ਗਿਆ! ਐਲ ਡੀ ਐਮ ਨੇ ਦੱਸਿਆ ਕਿ ਬਲਾਕ ਪੱਧਰੀ ਮੀਟਿੰਗਾਂ ਤੋਂ ਬਾਅਦ ਸੀ ਡੀ ਰੇਸ਼ੋ ਵਿੱਚ ਸੁਧਾਰ ਲਿਆਉਣ ਲਈ ਮਾਨਯੋਗ ਡਿਪਟੀ ਕਮਿਸ਼ਨਰ ਜਲੰਧਰ ਨੂੰ ਮਾਨਯੋਗ ਲੋਕ ਸਭਾ ਮੈਂਬਰ ਜਲੰਧਰ ਦੀ ਹਾਜ਼ਰੀ ਵਿੱਚ ਜ਼ਿਲ੍ਹਾ ਪੱਧਰੀ ਸਮੀਖਿਆ ਕਮੇਟੀ(ਡੀ ਸੀ ਸੀ /ਡੀ ਐਲ ਆਰ ਸੀ ) ਦੀ ਸਪੈਸ਼ਲ ਮੀਟਿੰਗ ਬੁਲਾਉਣ ਲਈ ਬੇਨਤੀ ਕੀਤੀ ਜਾਵੇਗੀ!

# ਪੀਰ ਬਾਬਾ ਸ਼ੇਰ ਸ਼ਾਹ ਸਲਾਨਾ ਉਰਸ 19 ਫਰਵਰੀ ਨੂੰ ਮਨਾਇਆ ਜਾਵੇਗਾ: ਗਿੱਲ



ਅੰਮ੍ਰਿਤਸਰ (ਲੋਕ ਬਾਣੀ) ਔਲੀਆ ਅਸਥਾਨਾਂ ਦਰਗਾਹ ਹਜਰਤ ਪੀਰ ਬਾਬਾ ਸ਼ੇਰ ਸ਼ਾਹ ਵਲੀ ਗੌਸਾਬਾਦ ਨਹਿਰ ਨਜਦੀਕ ਲੁਕ ਪਲਾਂਟ ਵਿਖੇ ਸਲਾਨਾ ਉਰਸ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਜਾਵੇਗਾ ਧਾਰਮਿਕ ਮੇਲੇ ਦੀ ਜਾਣਕਾਰੀ ਦਿੰਦਿਆਂ ਗੱਦੀ ਨਸ਼ੀਨ ਡਾ ਪੂਨਮ ਗੀਤ ਗਿੱਲ ਨੇ ਦੱਸਿਆ ਉਹਨਾਂ ਦੀ ਯਾਦ ਵਿੱਚ ਹਰ ਸਾਲ ਸਲਾਨਾ ਮੇਲਾ ਕਮੇਟੀ ਅਤੇ ਐਨ ਆਰ ਆਈ ਵੀਰਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾਂਦਾ ਹੈ ਜਿਸ ਵਿੱਚ ਕਾਫੀ ਪਿੰਡਾਂ ਤੋਂ ਸਮੂਹ ਸੰਗਤਾਂ ਦਰਸ਼ਨ ਦੀਦਾਰੇ ਕਰਦਿਆਂ ਦਰਗਾਹ ਤੋ ਖੁਸ਼ੀਆਂ ਪ੍ਰਾਪਤ ਕਰਕੇ ਆਪਣੀਆਂ ਝੋਲੀਆਂ ਭਰਦੀਆਂ ਹਨ ਉਸ ਮੌਕੇ ਮਹਿੰਦੀ ਰਸਮ 16 ਫਰਵਰੀ 17 ਫਰਵਰੀ ਮਹਿਫਲ ਹੋਵੇਗੀ ਜਿਸ ਵਿੱਚ ਵਿਸ਼ੇਸ਼ ਤੌਰ ਤੇ ਸੂਫੀ ਗਾਇਕ ਪਰਵੇਜ਼ ਆਲਮ ਸਮੇਤ ਵੱਖ ਵੱਖ ਸੂਫੀ ਸੰਤ ਹਾਜ਼ਰੀ ਭਰਨਗੇ 19 ਨੂੰ ਧਾਰਮਿਕ ਸਟੇਜ ਤੇ ਪੰਜਾਬੀ ਗਾਇਕ ਸਤਨਾਮ ਸਾਗਰ ਹਾਜਰੀ ਭਰਨਗੇ ਇਸ ਮੌਕੇ ਸੇਵਾਦਾਰ ਕੁਲਬੀਰ ਸਿੰਘ ਗੁਲਪਿੰਦਰ ਸਿੰਘ ਕਰਮਜੀਤ ਸਿੰਘ ਹਰਜੀਤ ਸਿੰਘ ਜਗਜੀਤ ਸਿੰਘ ਕਸ਼ਮੀਰ ਸਿੰਘ ਪ੍ਰਦੀਪ ਸਿੰਘ ਸੋਨਾ ਸਿੰਘ ਸਰਪੰਚ ਹਰਦੇਵ ਸਿੰਘ ਸੰਧੂ ਬਾਊ ਸਿੰਘ ਰੱਤਾ ਸਿੰਘ ਹਾਜ਼ਰ ਸਨ

# ਸਪਾਂਸਰਸ਼ਿਪ ਅਤੇ ਫੋਸਟਰ ਕੇਅਰ ਸਕੀਮ ਦਾ 44 ਹੋਰ ਬੱਚਿਆਂ ਨੂੰ ਮਿਲੇਗਾ ਲਾਭ : ਸਹਾਇਕ ਕਮਿਸ਼ਨਰ



ਮਾਲੇਰਕੋਟਲਾ(ਲੋਕ ਬਾਣੀ) ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ ਦੀ ਅਗਵਾਈ ਹੇਠ ਸਪਾਂਸਰਸ਼ਿਪ ਅਤੇ ਫੋਸਟਰ ਕੇਅਰ ਜ਼ਿਲ੍ਹਾ ਪੱਧਰੀ ਅਪਰੂਵਲ ਕਮੇਟੀ ਦੀ ਮੀਟਿੰਗ ਹੋਈ ਜਿਸ ਵਿੱਚ 46 ਨਵੇਂ ਬੱਚਿਆਂ ਨੂੰ ਸਪਾਂਸਰਸ਼ਿਪ ਸਕੀਮ ਦਾ ਲਾਭ ਦੇਣ ਸਬੰਧੀ ਕੇਸਾਂ ਜ਼ਿਲ੍ਹਾ ਪੱਧਰੀ ਕਮੇਟੀ ਕੋਲ ਰੱਖੇ ਗਏ ਜਿਨ੍ਹਾਂ ਵਿੱਚ 44 ਕੇਸਾਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਇਸ ਸਕੀਮ ਅਧੀਨ ਬੱਚਿਆ ਨੂੰ 4000 ਰੁਪਏ ਮਹੀਨਾ ਦਿੱਤਾ ਜਾ ਦਾ ਹੈ।ਪਹਿਲਾ ਤੋਂ ਜ਼ਿਲ੍ਹੇ ਵਿੱਚ 80 ਬੱਚਿਆ ਨੂੰ ਇਸ ਸਕੀਮ ਦਾ ਲਾਭ ਦਿੱਤਾ ਜਾ ਰਿਹਾ ਹੈ। ਜ਼ਿਲ੍ਹਾ ਪ੍ਰਸ਼ਾਸਨ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਅਸਲ ਲੋੜਵੰਦਾਂ ਦੀ ਮਦਦ ਕਰਨ ਲਈ ਵਚਨਬੱਧ ਹੈ ਤੇ ਸਰਕਾਰ ਦੀਆਂ ਭਲਾਈ ਸਕੀਮਾਂ ਨੂੰ ਅਸਲ ਲੋੜਵੰਦਾਂ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਕੀਮ ਦਾ ਵੱਖ ਵੱਖ ਮਾਧਿਅਮਾਂ ਰਾਹੀ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਜੋ ਜ਼ਰੂਰਤਮੰਦ ਬੱਚਿਆਂ ਨੂੰ ਇਸ ਸਕੀਮ ਦਾ ਜ਼ਿਆਦਾ ਤੋਂ ਜ਼ਿਆਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਜੇਕਰ ਕੋਈ ਅਜਿਹੇ ਕੇਸ ਜੋ ਸਪਾਂਸਰਸ਼ਿਪ ਸਕੀਮ ਦੀਆ ਸ਼ਰਤਾਂ ਪੂਰੀਆਂ ਕਰਦੇ ਹੋਣ ਤਾਂ ਉਹ ਕੇਸ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਮਾਲੇਰਕੋਟਲਾ ਨੂੰ ਰੈਫ਼ਰ ਕੀਤੇ ਜਾਣ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆ ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ੍ਰੀਮਤੀ ਹਰਪ੍ਰੀਤ ਕੌਰ ਵੱਲੋਂ ਸਪਾਂਸਰਸ਼ਿਪ ਅਤੇ ਫੋਸਟਰ ਕੇਅਰ ਸਕੀਮ ਅਤੇ ਨਵੇਂ ਆਏ ਜਰੂਰਤਮੰਦ ਬੱਚਿਆਂ ਦੇ ਕੇਸਾਂ ਬਾਰੇ ਵਿਸਥਾਰ ਪੂਰਵਕ ਦੱਸਦਿਆ ਦੱਸਿਆ ਕਿ ਸਪਾਂਸਰਸ਼ਿਪ ਅਤੇ ਫੋਸਟਰ ਕੇਅਰ ਅਪਰੂਵਲ ਕਮੇਟੀ ਵੱਲੋਂ ਜ਼ਿਲ੍ਹੇ ਵਿੱਚ 0 ਤੋਂ 18 ਸਾਲ ਅਜਿਹੇ ਬੱਚੇ ਜਿਨ੍ਹਾਂ ਦੀ ਮਾਤਾ ਵਿਧਵਾ/ਤਲਾਕਸ਼ੁਦਾ ਹੋਵੇ ਜਾ ਬੱਚੇ ਲਾਵਾਰਿਸ ਛੱਡ ਦਿੱਤੇ ਗਏ ਹੋਣ, ਜਿੰਨਾ ਬੱਚਿਆਂ ਦੇ ਮਾਤਾ ਪਿਤਾ ਜਾਨਲੇਵਾ/ ਖ਼ਤਰਨਾਕ ਬਿਮਾਰੀ ਦਾ ਸ਼ਿਕਾਰ ਹਨ, ਮਾਤਾ-ਪਿਤਾ ਵਿੱਤੀ ਅਤੇ ਸਰੀਰਕ ਤੌਰ ਤੇ ਬੱਚਿਆਂ ਦੀ ਦੇਖਭਾਲ ਕਰਨ ਵਿੱਚ ਅਸਮਰਥ ਹਨ, ਜੇ.ਜੇ ਐਕਟ, 2015 ਦੇ ਅਨੁਸਾਰ ਦੇਖਭਾਲ ਅਤੇ ਸੁਰੱਖਿਆ ਦੀ ਲੋੜ ਵਾਲੇ ਬੱਚੇ ਜਿਵੇਂ ਕਿ ਬੇਘਰ, ਕੁਦਰਤੀ

# ਡਿਪਟੀ ਕਮਿਸ਼ਨਰ ਵਲੋਂ ਇਮੀਗ੍ਰੇਸ਼ਨ ਫ਼ਰਮਾਂ ਦੀ ਜਾਂਚ ਦੇ ਆਦੇਸ਼

ਜਲੰਧਰ, (ਲੋਕ ਬਾਣੀ): ਇਮੀਗ੍ਰੇਸ਼ਨ ਕੰਸਲਟੈਂਸੀ ਸੇਵਾਵਾਂ ਨੂੰ ਨਿਯਮਤ ਕਰਨ ਵੱਲ ਇਕ ਮਹੱਤਵਪੂਰਣ ਕਦਮ ਚੁੱਕਦਿਆਂ ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਨੇ ਅਧਿਕਾਰੀਆਂ ਨੂੰ ਸਰਕਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਇਮੀਗ੍ਰੇਸ਼ਨ ਕੰਸਲਟੈਂਟਸ ਖਿਲਾਫ਼ ਵੱਡੇ ਪੱਧਰ 'ਤੇ ਜਾਂਚ ਮੁਹਿੰਮ ਸ਼ੁਰੂ ਕਰਨ ਦੀ ਹਦਾਇਤ ਕੀਤੀ। ਹਦਾਇਤਾਂ ਵਿੱਚ ਜ਼ਿਲ੍ਹੇ ਦੇ ਸਾਰੇ ਐਸ.ਡੀ.ਐਮਜ਼ ਨੂੰ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਰਜਿਸਟਰਡ ਇਮੀਗ੍ਰੇਸ਼ਨ ਫ਼ਰਮਾਂ ਦੀ ਸਖ਼ਤ ਜਾਂਚ ਕਰਨ ਲਈ ਕਿਹਾ ਗਿਆ ਹੈ।

ਡਾ. ਅਗਰਵਾਲ ਨੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਕਦਮ ਦਾ ਉਦੇਸ਼ ਵਿਦੇਸ਼ ਜਾਣ ਦੇ ਚਾਹਵਾਨਾਂ ਨੂੰ ਧੋਖੇਬਾਜ਼ੀ ਤੋਂ ਬਚਾਉਣਾ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਇਮੀਗ੍ਰੇਸ਼ਨ ਫ਼ਰਮਾਂ ਕਾਨੂੰਨੀ ਢਾਂਚੇ ਦੇ ਅੰਦਰ ਕੰਮ ਕਰਨ। ਉਨ੍ਹਾਂ ਕਿਹਾ ਕਿ ਇਹ ਜ਼ਰੂਰੀ ਹੈ ਕਿ ਵਿਦੇਸ਼ਾਂ ਵਿੱਚ ਅਵਸਰਾਂ ਦੀ ਤਲਾਸ਼ ਕਰ ਰਹੇ ਵਿਅਕਤੀਆਂ ਨੂੰ ਧੋਖੇਬਾਜ਼ੀ ਤੋਂ ਬਚਾਉਣ ਲਈ ਇਮੀਗ੍ਰੇਸ਼ਨ ਕੰਸਲਟੈਂਟ ਨਿਰਧਾਰਿਤ ਮਾਪਦੰਡਾਂ ਦਾ ਪਾਲਣ ਕਰਨ।

ਡਿਪਟੀ ਕਮਿਸ਼ਨਰ ਨੇ ਹਾਲ ਹੀ ਵਿੱਚ ਸਯੁੰਕਤ ਰਾਜ ਅਮਰੀਕਾ ਤੋਂ ਡਿਪੋਰਟ ਹੋਏ ਨੌਜਵਾਨਾਂ ਵੱਲ ਮਦਦ ਦਾ ਹੱਥ ਵੀ ਵਧਾਇਆ । ਉਨ੍ਹਾਂ ਡਿਪੋਰਟ ਹੋਏ ਨੌਜਵਾਨਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਕਾਰੋਬਾਰ ਸ਼ੁਰੂ ਕਰਨ, ਰੋਜ਼ਗਾਰ ਪ੍ਰਾਪਤੀ ਵਿੱਚ ਸਹਾਇਤਾ ਅਤੇ ਹੁਨਰ ਵਿਕਾਸ ਰਾਹੀਂ ਉਨ੍ਹਾਂ ਦੇ ਕਰੀਅਰ ਦੇ ਮੁੜ ਨਿਰਮਾਣ ਵਿੱਚ ਵੱਧ ਤੋਂ ਵੱਧ ਮਦਦ ਕਰਨ ਦਾ ਭਰੋਸਾ ਦਿੱਤਾ।



ਡਾ. ਅਗਰਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਔਖੀ ਘੜੀ ਵਿੱਚ ਇਨ੍ਹਾਂ ਨੌਜਵਾਨਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨੌਜਵਾਨਾਂ ਨੂੰ ਹਰ ਸੰਭਵ ਸਹਾਇਤਾ ਪਹੁੰਚਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਰਾਜ ਦੇ ਹੁਨਰ ਵਿਕਾਸ ਮਿਸ਼ਨ ਅਧੀਨ ਵੱਖ-ਵੱਖ ਹੁਨਰ ਵਿਕਾਸ ਕੋਰਸਾਂ ਦੀ ਉਪਲਬੱਧਤਾ ਬਾਰੇ ਦੱਸਿਆ, ਜਿਨ੍ਹਾਂ ਸਦਕਾ ਉਨ੍ਹਾਂ ਲਈ ਰੋਜ਼ਗਾਰ ਪ੍ਰਾਪਤੀ ਦੀਆਂ ਸੰਭਾਵਨਾਵਾਂ ਵਧ ਸਕਦੀਆਂ ਹਨ। ਇਸ ਤੋਂ ਇਲਾਵਾ ਉਨ੍ਹਾਂ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਵਿੱਤੀ ਸਹਾਇਤਾ ਵੀ ਪ੍ਰਦਾਨ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਵਿਦੇਸ਼ ਜਾਣ ਦੇ ਚਾਹਵਾਨਾਂ ਨੂੰ ਵੱਡੇ ਵਿੱਤੀ ਅਤੇ ਵਿਅਕਤੀਗਤ ਨੁਕਸਾਨਾਂ ਤੋਂ ਬਚਣ ਲਈ ਇਮੀਗ੍ਰੇਸ਼ਨ ਲਈ ਹਮੇਸ਼ਾ ਕਾਨੂੰਨੀ ਰਸਤੇ ਚੁਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਿਦੇਸ਼ ਜਾਣ ਲਈ ਰਜਿਸਟਰਡ ਇਮੀਗ੍ਰੇਸ਼ਨ ਕੰਸਲਟੈਂਟਾਂ ਨਾਲ ਹੀ ਸੰਪਰਕ ਕੀਤਾ ਜਾਵੇ, ਜਿਨ੍ਹਾਂ ਸਬੰਧੀ ਸੂਚੀ ਵੈਬਸਾਈਟ ↰↰↰. ⬦▲⬨▲✪➢✶▲☛.✪⬦✵.⬦✪ ਅਤੇ ↰↰↰.✥✡⬦✚☛▲✝✥.✚✿✂.⬦✪. 'ਤੇ ਉਪਲਬੱਧ ਹੈ। ਵਧੇਰੇ ਜਾਣਕਾਰੀ ਲਈ ਪ੍ਰੋਟੈਕਟਰ ਜਨਰਲ ਆਫ਼ ਇਮੀਗ੍ਰਾਂਟਸ ਹੈਲਪਲਾਈਨ ਨੰਬਰ 95306-41790 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਵਿਦੇਸ਼ਾਂ ਵਿੱਚ ਰੋਜ਼ਗਾਰ ਦੇ ਚਾਹਵਾਨਾਂ ਲਈ ਪ੍ਰੀ-ਡਿਪਾਰਚਰ ਓਰੀਐਂਟੇਸ਼ਨ ਟ੍ਰੇਨਿੰਗ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ। ਚਾਹਵਾਨ ਉਮੀਦਵਾਰ ਰਜਿਸਟ੍ਰੇਸ਼ਨ ਲਈ ਬਿਊਰੋ ਦੇ ਹੈਲਪਲਾਈਨ ਨੰਬਰ 90569-20100 'ਤੇ ਸੰਪਰਕ ਕਰ ਸਕਦੇ ਹਨ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਮੇਜਰ ਡਾ. ਅਮਿਤ ਮਹਾਜਨ, ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖ਼ਲਾਈ ਬਿਊਰੋ ਨੀਲਮ ਮਹੇ ਅਤੇ ਰੋਜ਼ਗਾਰ ਅਫ਼ਸਰ ਨਰੇਸ਼ ਕੁਮਾਰ ਵੀ ਮੌਜੂਦ ਸਨ। ਪ੍ਰਸ਼ਾਸਨ ਵਲੋਂ ਉਠਾਏ ਗਏ ਇਸ ਮਹੱਤਵਪੂਰਣ ਕਦਮ ਦਾ ਉਦੇਸ਼ ਡਿਪੋਰਟ ਹੋਏ ਨੌਜਵਾਨਾਂ ਨੂੰ ਸਹਾਇਤਾ ਮੁਹੱਈਆ ਕਰਵਾਉਂਦੇ ਹੋਏ ਪੰਜਾਬ ਸਰਕਾਰ ਵੱਲੋਂ ਆਪਣੇ ਨਾਗਰਿਕਾਂ ਦੇ ਹਿੱਤਾਂ ਦੀ ਰਾਖੀ ਕਰਨ ਦੀ ਵਚਨਬੱਧਤਾ ਨੂੰ ਮਜ਼ਬੂਤ ਕਰਨਾ ਅਤੇ ਇਮੀਗ੍ਰੇਸ਼ਨ ਸੇਵਾਵਾਂ ਵਿੱਚ ਪਾਰਦਰਸ਼ਤਾ ਨੂੰ ਯਕੀਨੀ ਬਣਾਉਣਾ ਹੈ।

# *ਜਲੰਧਰ ਦਿਹਾਤੀ ਪੁਲਿਸ ਵਲੋਂ 90 ਕਿਲੋਗ੍ਰਾਮ ਭੁੱਕੀ ਸਮੇਤ ਇੱਕ ਬਦਨਾਮ ਨਸ਼ਾ ਤਸਕਰ ਗ੍ਰਿਫ਼ਤਾਰ

ਜਲੰਧਰ, 14 ਫਰਵਰੀ: (ਲੋਕ ਬਾਣੀ)
ਸੀਆਈਏ ਸਟਾਫ ਜਲੰਧਰ ਦਿਹਾਤੀ ਪੁਲਿਸ ਨੇ ਇੱਕ ਬਦਨਾਮ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ 90 ਕਿਲੋਗ੍ਰਾਮ ਭੁੱਕੀ ਬਰਾਮਦ ਕੀਤੀ ਹੈ। ਫੜੇ ਗਏ ਵਿਅਕਤੀ ਨੂੰ ਕਰਤਾਰਪੁਰ ਖੇਤਰ ਵਿੱਚ ਇੱਕ ਵਿਸ਼ੇਸ਼ ਕਾਰਵਾਈ ਦੌਰਾਨ ਇੱਕ ਐਕਸਯੂਵੀ ਗੱਡੀ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ।



ਮੁਲਜ਼ਮ ਦੀ ਪਛਾਣ ਲਵਪ੍ਰੀਤ ਸਿੰਘ ਉਰਫ਼ ਲਵ ਪੁੱਤਰ ਗੁਰਚਰਨ ਸਿੰਘ, ਵਾਸੀ ਪਿੰਡ ਸੇਚ, ਥਾਣਾ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਵਜੋਂ ਹੋਈ ਹੈ।
ਇਸ ਬਾਰੇ ਜਾਣਕਾਰੀ ਦਿੰਦੇ ਹੋਏ, ਜਲੰਧਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਹਰਕਮਲਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਸੀਆਈਏ ਸਟਾਫ ਜਲੰਧਰ ਦਿਹਾਤੀ ਦੇ ਇੰਚਾਰਜ ਇੰਸਪੈਕਟਰ ਪੁਸ਼ਪ ਬਾਲੀ ਵੱਲੋਂ ਮਿਲੀ ਭਰੋਸੇਯੋਗ ਖੁਫੀਆ ਜਾਣਕਾਰੀ ਦੇ ਆਧਾਰ ਤੇ, 13 ਫਰਵਰੀ, 2025 ਨੂੰ ਇੱਕ ਵਿਸ਼ੇਸ਼ ਕਾਰਵਾਈ ਕੀਤੀ ਗਈ। ਇਸ ਕਾਰਵਾਈ ਦੀ ਨਿਗਰਾਨੀ ਐਸਪੀ ਇਨਵੈਸਟੀਗੇਸ਼ਨ ਜਸਰੂਪ ਕੌਰ ਬਾਠ ਆਈਪੀਐਸ ਅਤੇ ਡੀਐਸਪੀ ਇਨਵੈਸਟੀਗੇਸ਼ਨ ਸਰਵਨਜੀਤ ਸਿੰਘ ਨੇ ਕੀਤੀ।
ਪੁਲਿਸ ਟੀਮ ਨੇ ਦੋਸ਼ੀ ਨੂੰ ਗੁਰੂਦੁਆਰਾ ਸਾਹਿਬ ਦਿਆਲਪੁਰ ਦੇ ਨੇੜੇ ਰੋਕਿਆ, ਜਿੱਥੇ ਉਸ ਕੋਲੋਂ ਭੁੱਕੀ ਵਾਲੇ ਕਈ ਪਲਾਸਟਿਕ ਦੇ ਥੈਲੇ ਮਿਲੇ।
ਐਸਐਸਪੀ ਖੱਖ ਨੇ ਅੱਗੇ ਖੁਲਾਸਾ ਕੀਤਾ ਕਿ ਜ਼ਬਤ ਕੀਤੇ ਗਏ ਨਸ਼ੀਲੇ ਪਦਾਰਥ ਵਿੱਚ 20 ਕਿਲੋਗ੍ਰਾਮ ਦੇ ਚਾਰ ਥੈਲੇ ਅਤੇ 10 ਕਿਲੋਗ੍ਰਾਮ ਦੇ ਇੱਕ ਥੈਲੇ ਸਮੇਤ ਕੁੱਲ 90 ਕਿਲੋਗ੍ਰਾਮ ਭੁੱਕੀ ਜ਼ਬਤ ਕੀਤੀ ਗਈ ਹੈ।
ਦੋਸ਼ੀ ਦੇ ਕਬਜ਼ੇ ਵਿੱਚੋਂ ਇੱਕ ਚਿੱਟੀ ✓ ”੭ 500 ਗੱਡੀ ਬਿਨਾਂ ਰਜਿਸਟ੍ਰੇਸ਼ਨ ਪਲੇਟ ਦੇ ਵੀ ਬਰਾਮਦ ਕੀਤੀ ਗਈ ਹੈ।ਦੋਸ਼ੀ ਦਾ ਅਪਰਾਧਿਕ ਇਤਿਹਾਸ ਹੈ ਜਿਸਦੇ ਵੱਖ-ਵੱਖ ਥਾਣਿਆਂ ਵਿੱਚ ਪਹਿਲਾਂ ਵੀ ਮਾਮਲੇ ਦਰਜ ਹਨ।
ਇਨ੍ਹਾਂ ਵਿੱਚ ਅਗਸਤ 2019 ਵਿੱਚ ਪੁਲਿਸ ਸਟੇਸ਼ਨ ਸਦਰ ਕਪੂਰਥਲਾ ਵਿਖੇ ਐਨਡੀਪੀਐਸ ਐਕਟ ਅਧੀਨ ਇੱਕ ਕੇਸ, ਦਸੰਬਰ 2019 ਅਤੇ ਮਾਰਚ 2020 ਵਿੱਚ ਪੁਲਿਸ ਸਟੇਸ਼ਨ ਜਗਰਾਉਂ ਵਿਖੇ ਲੁੱਟ ਦੇ ਮਾਮਲੇ, ਅਤੇ 2024 ਵਿੱਚ ਪੁਲਿਸ ਸਟੇਸ਼ਨ ਸ਼ਹਿਰੀ ਖਰੜ ਅਤੇ ਏਐਨਟੀਐਫ ਸੈਕਟਰ-79 ਵਿਖੇ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਮਾਮਲੇ ਸ਼ਾਮਲ ਹਨ।
ਪੁਲਿਸ ਸਟੇਸ਼ਨ ਕਰਤਾਰਪੁਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 153-61-85 ਤਹਿਤ ਇੱਕ ਨਵਾਂ ਕੇਸ ਦਰਜ ਕੀਤਾ ਗਿਆ ਹੈ (ਐਫਆਈਆਰ ਨੰਬਰ 27 ਮਿਤੀ 13-02-2025)।
ਨਵੰਬਰ 2024 ਵਿੱਚ ਨਾਭਾ ਜੇਲ੍ਹ ਤੋਂ ਜ਼ਮਾਨਤ ਤੇ ਰਿਹਾਅ ਹੋਏ ਦੋਸ਼ੀ ਨੂੰ ਹੋਰ ਜਾਂਚ ਲਈ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ।
ਐਸਐਸਪੀ ਖੱਖ ਨੇ ਦੱਸਿਆ ਕਿ ਇਸਦੀ ਜਾਇਦਾਦ ਦੇ ਵੇਰਵਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜਲੰਧਰ ਦਿਹਾਤੀ ਪੁਲਿਸ ਸਮਾਜ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਠੱਲ੍ਹ ਪਾਉਣ ਲਈ ਵਚਨਬੱਧ ਹੈ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਪ੍ਰੀਖਿਆ ਕੇਂਦਰਾਂ ਦੇ ਆਲੇ ਦੁਆਲੇ 15 ਫਰਵਰੀ ਤੋਂ ਦਫਾ 144 ਲਾਗੂ

ਬਰਨਾਲਾ, (ਲੋਕ ਬਾਣੀ))
ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਸ੍ਰੀਮਤੀ ਪੂਨਮਦੀਪ ਕੌਰ ਨੇ ਫੌਜਦਾਰੀ ਜਾਬਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਦੇ ਪ੍ਰੀਖਿਆ ਕੇਂਦਰਾਂ ਦੇ ਆਲੇ ਦੁਆਲੇ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਤਰ ਹੋਣ ‘ਤੇ ਮਿਤੀ 15 ਫਰਵਰੀ ਤੋਂ 4 ਅਪ੍ਰੈਲ 2025 ਤੱਕ ਪੂਰਨ ਤੌਰ ਤੇ ਪਾਬੰਦੀ ਲਗਾਈ ਗਈ ਹੈ, ਤਾਂ ਜੋ ਪ੍ਰੀਖਿਆ ਵਿੱਚ ਵਿਘਨ ਪਾਉਣ ਵਾਲੇ ਅਨਸਰਾਂ ਨੂੰ ਰੋਕਿਆ ਜਾ ਸਕੇ।



ਉਹਨਾਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਸੀ.ਬੀ.ਐਸ.ਈ ਬੋਰਡ ਦੀਆਂ ਜਮਾਤ 10ਵੀਂ ਅਤੇ 12ਵੀਂ ਦੀਆਂ ਪ੍ਰੀਖਿਆਵਾਂ ਮਿਤੀ 15 ਫਰਵਰੀ 2025 ਤੋਂ 4 ਅਪ੍ਰੈਲ 2025 ਤੱਕ ਕਰਵਾਈਆਂ ਜਾ ਰਹੀਆਂ ਹਨ। ਇਸ ਲਈ ਪ੍ਰੀਖਿਆ ਦੌਰਾਨ ਜ਼ਿਲ੍ਹਾ ਬਰਨਾਲਾ ਅੰਦਰ ਬੋਰਡ ਵੱਲੋਂ ਸਥਾਪਿਤ ਕੀਤੇ ਗਏ ਸਮੁੱਚੇ ਪ੍ਰੀਖਿਆ ਕੇਂਦਰਾਂ ਦੇ ਆਲੇ ਦੁਆਲੇ ਉਪਰੋਕਤ ਹੁਕਮ ਲਾਗੂ ਹੋਣਗੇ।

# ਫ਼ਿਊਚਰ ਟਾਈਕੂਨ’ ਪ੍ਰੋਗਰਾਮ ਸਬੰਧੀ ਸਰੂਪ ਰਾਣੀ ਸਰਕਾਰੀ ਕਾਲਜ਼ (ਇਸਤਰੀਆਂ) ਵਿਖੇ ਕਰਵਾਇਆ ਗਿਆ ਇੱਕ ਜਾਗਰੂਕਤਾ ਸੈਮੀਨਾਰ

ਅੰਮ੍ਰਿਤਸਰ (ਲੋਕ ਬਾਣੀ)
ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਵਲੋਂ ਸ਼ੁਰੂ ਕੀਤੇ ਗਏ ‘ਫ਼ਿਊਚਰ ਟਾਈਕੂਨ’ ਪ੍ਰੋਗਰਾਮ ਸਬੰਧੀ ਸਥਾਨਕ ਸਰੂਪ ਰਾਣੀ ਸਰਕਾਰੀ ਕਾਲਜ਼ (ਇਸਤਰੀਆਂ) ਵਿਖੇ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।
ਇਸ ਮੌਕੇ ਕਾਲਜ ਦੇ ਵਿਦਿਆਰਥਣਾਂ ਅਤੇ ਅਧਿਆਪਕਾਂ ਨੂੰ ਸੰਬੋਧਿਤ ਕਰਦੇ ਹੋਏ ਡਿਪਟੀ ਸੀ.ਈ.ਓ. ਜ਼ਿਲ੍ਹਾ ਰੁਜ਼ਗਾਰ ਦਫ਼ਤਰ ਸ.ਤੀਰਥਪਾਲ ਸਿੰਘ ਨੇ ਕਿਹਾ ਕਿ ‘ਫ਼ਿਊਚਰ ਟਾਈਕੂਨ’ ਪ੍ਰੋਗਰਾਮ ਦਾ ਮੁੱਖ ਟੀਚਾ ਆਮ ਲੋਕਾਂ ਤੱਕ ਪਹੁੰਚ ਕਰਕੇ ਉਹਨਾਂ ਦੀ ਵਪਾਰਕ ਪ੍ਰਤਿਭਾ ਨੂੰ ਇੱਕ ਲੋੜੀਂਦਾ ਮੰਚ ਪ੍ਰਦਾਨ ਕਰਨਾ ਹੈ।ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਔਰਤਾਂ ਲਈ ਅਪਲਾਈ ਕਰਨ ਦੀ ਇੱਕ ਵੱਖਰੀ ਕੈਟੇਗਰੀ ਬਣਾਈ ਗਈ ਹੈ,ਤਾਂ ਜੋ ਉਹਨਾਂ ਇਸਤਰੀਆਂ ਲਈ ਇੱਕ ਉੱਚਿਤ ਪਲੇਟਫ਼ਾਰਮ ਮੁਹਇਆ ਕਰਵਾਇਆ ਜਾ ਸਕੇ ਜੋ ਪਿਛਲੇ ਸਮਿਆਂ ਵਿੱਚ ਕਿਸੇ ਵੀ ਵਜ੍ਹਾ ਕਾਰਨ ਆਪਣੇ ਵਪਾਰਕ ਸੁਪਨਿਆਂ ਨੂੰ ਸਾਕਾਰ ਨਹੀਂ ਕਰ ਸਕੀਆਂ।ਉਹਨਾਂ ਕਾਲਜ਼ ਦੀਆਂ ਸਾਰੀਆਂ ਵਿਦਿਆਰਥਣਾਂ ਨੂੰ ‘ਫ਼ਿਊਚਰ ਟਾਈਕੂਨ’ ਪ੍ਰੋਗਰਾਮ ਵਿੱਚ ਭਾਗ ਲੈਣ ਦੀ ਅਪੀਲ ਕੀਤੀ।
ਸ: ਤੀਰਥਪਾਲ ਸਿੰਘ ਨੇ ਕਿਹਾ ਕਿ ਪੂਰੇ ਸੰਸਾਰ ਵਿੱਚ ਅਨੇਕਾਂ ਉਦਾਹਰਣਾਂ ਮੌਜੂਦ ਹਨ,ਜਿੱਥੇ ਔਰਤਾਂ ਨੇ ਵਪਾਰ ਦੇ ਖੇਤਰ ਵਿੱਚ ਆਪਣਾ ਲੋਹਾ ਮਨਵਾਇਆ ਹੈ।ਉਹਨਾਂ ਕਿਹਾ ਕਿ ਅੰਮ੍ਰਿਤਸਰ ਸ਼ਹਿਰ ਦਾ ਆਪਣਾ ਇੱਕ ਗੌਰਵਮਈ ਵਪਾਰਕ ਅਤੇ ਇਤਿਹਾਸਿਕ ਪਿਛੋਕੜ ਹੈ,ਇਸੇ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਮੌਜੂਦਾ ਸਰਕਾਰ ਵਲੋਂ ਅੰਮ੍ਰਿਤਸਰ ਵਾਸੀਆਂ ਨੂੰ ਇਹ ਸੁਨਹਿਰਾ ਮੌਕਾ ਪ੍ਰਦਾਨ ਕੀਤਾ ਗਿਆ ਹੈ,ਜਿਸ ਰਾਹੀਂ ਆਪਣੀ ਵਪਾਰਕ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਸਮਾਜ ਲਈ ਕੁੱਝ ਨਿਵੇਕਲਾ ਕਰ ਸਕਦੇ ਹਨ।ਉਹਨਾ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਕੋਈ ਵੀ ਸ਼ਹਿਰ ਵਾਸੀ ਹਿੱਸਾ ਲੈ ਸਕਦਾ ਹੈ।ਉਹਨਾਂ ਦੱਸਿਆ ਕਿ ਜ਼ਿਲ੍ਹਾ ਪ੍ਰਸਾਸ਼ਨ ਵਲੋਂ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਲਗਾਤਾਰ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ,ਤਾਂ ਜੋ ਵੱਧ ਤੋਂ ਵੱਧ ਲੋਕ ਇਸ ਪ੍ਰੋਗਰਾਮ ਦਾ ਹਿੱਸਾ ਬਣ ਸਕਣ।ਉਹਨਾਂ ਕਿਹਾ ਕਿ ਇਸ ਪ੍ਰੋਗਰਾਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਬਹੁਤ ਸਾਰੇ ਲੋਕਾਂ ਵਲੋਂ ਆਪਣੇ ਬਿਨੈ ਪੱਤਰ ਭੇਜੇ ਗਏ ਹਨ।ਉਹਨਾਂ ਹੋਰ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਫ਼ਿਊਚਰ ਟਾਈਕੂਨ ਪ੍ਰੋਗਰਾਮ ਤਹਿਤ ਪ੍ਰਾਪਤ ਹੋਣ ਵਾਲੇ ਵਪਾਰਕ ਆਈਡੀਆ ਨੂੰ ਹਕੀਕਤ ਵਿੱਚ ਬਦਲਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੇ ਨਾਲ-ਨਾਲ ਕਾਪੀਰਾਈਟ ਪ੍ਰਮੋਸ਼ਨ,ਮਾਹਰਾਂ ਦੀ ਰਾਇ ਅਤੇ ਹਰੇਕ ਲੋੜੀਂਦੀ ਸਹਾਇਤਾ ਦੇਣ ਦਾ ਪ੍ਰਬੰਧ ਵੀ ਕੀਤਾ ਜਾਵੇਗਾ।
ਉਨਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਵੱਖ-ਵੱਖ ਸ਼੍ਰੇਣੀਆਂ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਪ੍ਰੋਜੈਕਟ ਨੂੰ 50 ਹਜ਼ਾਰ, ਦੂਸਰੇ ਸਥਾਨ ਨੂੰ 20 ਹਜ਼ਾਰ ਅਤੇ ਤੀਸਰੇ ਸਥਾਨ ਨੂੰ 10 ਹਜ਼ਾਰ ਦਾ ਨਗਦ ਇਨਾਮ ਵੀ ਦਿੱਤਾ ਜਾਵੇਗਾ।ਉਹਨਾਂ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਹੋਰ



ਵਧੀਆ ਤਰੀਕੇ ਨਾਲ ਨੇਪਰੇ ਚੜ੍ਹਾਉਣ ਲਈ ਆਈ.ਆਈ.ਐਮ,ਗੁਰੂ ਨਾਨਕ ਦੇਵ ਯੂਨੀਵਰਸਿਟੀ,ਪੰਜਾਬ ਟੈਕਨੀਕਲ ਯੂਨੀਵਰਸਿਟੀ ਅਤੇ ਪੀਐਚਡੀ ਚੈਂਬਰ ਵੱਲੋਂ ਵੀ ਹਰੇਕ ਤਰ੍ਹਾਂ ਦੀ ਸਹਾਇਤਾ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ।ਉਹਨਾਂ ਕਿਹਾ ਕਿ ਪ੍ਰਸ਼ਾਸਨ ਵਲੋਂ ਲੋਕਾਂ ਦੀ ਸਹੂਲਤ ਲਈ ਕਿਊਆਰ ਕੋਡ ਵੀ ਲਾਂਚ ਕੀਤਾ ਗਿਆ ਹੈ, ਜਿਸ ਤੇ ਸਕੈਨਿੰਗ ਕਰਕੇ ਆਪਣਾ ਆਈਡੀਆ ਰਜਿਸਟਰ ਕੀਤਾ ਜਾ ਸਕਦਾ ਹੈ।ਨਾਲ ਹੀ ਫੋਨ ਨੰਬਰ 99157890 68 ਉੱਤੇ ਸੰਪਰਕ ਕਰਕੇ ਵੀ ਸਹਾਇਤਾ ਲਈ ਜਾ ਸਕਦੀ ਹੈ।ਇਸ ਮੌਕੇ ਕਾਲਜ਼ ਦੇ ਕਾਰਜਕਾਰੀ ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ,ਕੈਰੀਅਰ ਕਾਉਂਸਲਰ ਗੌਰਵ ਕੁਮਾਰ, ਚੈਤਨਿਆ ਸਹਿਗਲ, ਪੰਕਜ ਕੁਮਾਰ ਸ਼ਰਮਾ,ਪ੍ਰੋਫੈਸਰ ਵੰਦਨਾ ਅਰੋੜਾ, ਪ੍ਰੋਫੈਸਰ ਵੰਦਨਾ ਬਜਾਜ, ਪ੍ਰੋਫੈਸਰ ਮਨਜੀਤ ਕੌਰ, ਪ੍ਰੋਫੈਸਰ ਅਮਨਦੀਪ ਕੌਰ ਭੱਟੀ ਅਤੇ ਪ੍ਰੋਫੈਸਰ ਕਿਰਨਜੀਤ ਕੌਰ ਵੀ ਹਾਜ਼ਰ ਸਨ।

# ਈਐਮਈ ਪਬਲਿਕ ਸਕੂਲ, ਜ਼ੀਰਕਪੁਰ ਵੱਲੋਂ ਸਾਲਾਨਾ ਸਮਾਰੋਹ ਦਾ ਆਯੋਜਨ ਕੀਤਾ ਗਿਆ



ਜ਼ੀਰਕਪੁਰ, (ਲੋਕ ਬਾਣੀ)-ਈਐਮਈ ਪਬਲਿਕ ਸਕੂਲ ਜੀਰਕਪੁਰ ਵੱਲੋਂ ਬੀਤੇ ਦਿਨ ਵਿਸ਼ਾਲ ਸਾਲਾਨਾ ਫੈਸਟ 2025 ਦਾ ਆਯੋਜਨ ਕੀਤਾ ਗਿਆ। ਸਮਾਰੋਹ ਦੇ ਮੁੱਖ ਮਹਿਮਾਨ ਮੁੱਖ ਸ਼੍ਰੀ ਸੰਦੀਪ ਪੂਰਥੀ, ਪ੍ਰਧਾਨ ਸੇਵਕ ਸਭਾ ਜੀਰਕਪੁਰ ਅਤੇ ਉਹਨਾਂ ਦੀ ਧਰਮਪਤਨੀ ਦੀਪਤੀ ਪੂਰਥੀ ਸਨ।
ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼੍ਰੀਮਤੀ ਰਵਿੰਦਰ ਕੌਰ , ਜਨਰਲ ਸਕੱਤਰ ਸੇਵਕ ਸਭਾ ਜ਼ੀਰਕਪੁਰ ਸ਼ਾਮਲ ਹੋਏ ।
ਸਕੂਲ ਦੇ ਪ੍ਰਿੰਸੀਪਲ ਡਾ. ਦੀਪਕ ਭੂਟਾਨੀ ਜੀ ਵੱਲੋਂ ਸਵਾਗਤੀ ਭਾਸ਼ਣ ਦਿੱਤਾ ਗਿਆ। ਉਪਰੰਤ ਸਕੂਲ ਦੀ ਡਾਇਰੈਕਟਰ ਸ਼੍ਰੀਮਤੀ ਸ਼ੈਲੀ ਭੂਟਾਨੀ ਨੇ ਆਪਣੇ ਵਿਚਾਰ ਪ੍ਰਗਟ ਕੀਤੇ।
ਪ੍ਰੋਗਰਾਮ ਦਾ ਸੰਚਾਲਨ ਸ਼੍ਰੀਮਤੀ ਵਸੁਧਾ ਨੇ ਕੀਤਾ ਅਤੇ ਸਮਾਗਮ ਦੇ ਆਯੋਜਨ ਦੀ ਜ਼ਿੰਮੇਵਾਰੀ ਸ਼੍ਰੀਮਤੀ ਰੁਹੀ ਨੇ ਨਿਭਾਈ। ਸ਼੍ਰੀਮਤੀ ਅਮਿਤਾ, ਸ਼੍ਰੀਮਤੀ ਗੁਰਪ੍ਰੀਤ ਕੌਰ, ਸ਼੍ਰੀਮਤੀ ਸ਼ਕਤੀ ਅਤੇ ਸ਼੍ਰੀਮਤੀ ਬਬਲੀ ਦਾ ਇਸ ਸਮਾਗਮ ਵਿੱਚ ਅਹਿਮ ਯੋਗਦਾਨ ਰਿਹਾ।
ਵਿਦਿਆਰਥੀਆਂ ਨੇ ਸ਼ਾਨਦਾਰ ਪੇਸ਼ਕਾਰੀਆਂ ਦਿੱਤੀਆਂ, ਜਿਸ ਵਿੱਚ ਡਾਂਸ, ਨਾਟਕ ਅਤੇ ਸੰਗੀਤਕ ਪ੍ਰੋਗਰਾਮ ਸ਼ਾਮਲ ਸਨ। ਪ੍ਰਮੁੱਖ ਭਾਗੀਦਾਰਾਂ ਵਿੱਚ ਪਰੀ ਭੂਟਾਨੀ, ਸ੍ਰੇਸ਼ਠ, ਅਸ਼ਾਨੀ, ਵੰਸ਼ ਭੂਟਾਨੀ, ਰੁਹਾਬ ਅਤੇ ਹੋਰ ਬਹੁਤ ਸਾਰੇ ਵਿਦਿਆਰਥੀ ਸ਼ਾਮਲ ਸਨ।
ਮੁੱਖ ਮਹਿਮਾਨ ਨੇ ਵਿਦਿਆਲਿਆ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ ਅਤੇ ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।

# ਖਾਲਸਾ ਕਾਲਜ ਦੇ ਜਰਨਲਿਜ਼ਮ ਵਿਦਿਆਰਥੀ ਨੇ ਮਨਾਇਆ ਵਿਸ਼ਵ ਰੇਡੀਓ ਦਿਨ

ਅੰਮ੍ਰਿਤਸਰ, (ਲੋਕ ਬਾਣੀ)–ਖਾਲਸਾ ਕਾਲਜ ਦੇ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਵੱਲੋਂ ਪੱਤਰਕਾਰਤਾ ਨਾਲ ਸਬੰਧਿਤ ਬੈਚਲਰ ਅਤੇ ਮਾਸਟਰ ਵਿਦਿਆਰਥੀਆਂ ਲਈ ਵਿਸ਼ਵ ਰੇਡੀਓ ਦਿਵਸ ਦੇ ਸਬੰਧ 'ਤੇ 94.3 ਮਾਈ ਐਫ. ਐਮ. ਦਾ ਇਕ ਰੋਜ਼ਾ ਵਿੱਦਿਅਕ ਦੌਰਾ ਆਯੋਜਿਤ ਕੀਤਾ ਗਿਆ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਅਰਵਿੰਦਰ ਕੌਰ ਕਾਹਲੋਂ ਦੇ ਸਹਿਯੋਗ ਨਾਲ ਕਰਵਾਏ ਗਏ ਉਕਤ ਦੌਰੇ ਦੌਰਾਨ ਪੱਤਰਕਾਰੀ ਦੇ ਕਰੀਬ 50 ਵਿਦਿਆਰਥੀਆਂ ਨੇ ਰੇਡੀਓ ਸਟੇਸ਼ਨ ਦਾ ਦੌਰਾ ਕੀਤਾ।

ਇਸ ਵਿੱਦਿਅਕ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਰੇਡੀਓ ਦੀ ਵੱਧਦੀ ਮਹੱਤਤਾ ਅਤੇ ਇਲੈਕਟ੍ਰਾਨਿਕ ਮੀਡੀਆ ਸਬੰਧੀ ਬਾਰੀਕੀਆਂ ਤੋਂ ਜਾਣੂ ਕਰਵਾਉਣਾ ਸੀ।ਇਸ ਇੰਟਰਐਕਟਿਵ ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਆਰ. ਜੇ. ਦੀਪ ਤੋਂ ਕਈ ਸਵਾਲ ਪੁੱਛੇ।

ਇਸ ਮੌਕੇ ਆਰ. ਜੇ. ਦੀਪ ਨੇ ਰੇਡੀਓ ਦੀਆਂ ਪੁਰਾਣੀਆਂ ਤਕਨੀਕਾਂ ਦੀ ਤੁਲਨਾ ਆਧੁਨਿਕ ਤਕਨਾਲੋਜੀਆਂ ਨਾਲ ਕਰਦਿਆਂ ਵਿਦਿਆਰਥੀ ਨੂੰ ਇਕ ਰੇਡੀਓ ਜੌਕੀ ਵਜੋਂ ਉੱਤਮਤਾ ਪ੍ਰਾਪਤ ਕਰਨ ਲਈ ਜ਼ਰੂਰੀ ਹੁਨਰਾਂ ਦੀ ਰੂਪ–ਰੇਖਾ ਦਿੱਤੀ ਅਤੇ ਵਿਸ਼ਵ ਰੇਡੀਓ ਦਿਵਸ ਦੀ ਮਹੱਤਤਾ ਬਾਰੇ ਗਿਆਨ ਸਾਂਝਾ ਕੀਤਾ।ਇਸ ਤੋਂ ਇਲਾਵਾ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਲੋੜੀਂਦੀ ਅਵਾਜ਼ (ਵੋਕਲ) ਦੀਆਂ ਯੋਗਤਾਵਾਂ ਨੂੰ ਬਿਹਤਰ ਬਣਾਉਣ ਅਤੇ ਰੇਡੀਓ ਸਟੇਸ਼ਨਾਂ 'ਚ ਵਰਤੇ ਜਾਣ ਵਾਲੇ ਸਾਫਟਵੇਅਰ ਨਾਲ ਜਾਣੂ ਕਰਵਾਉਣ ਲਈ ਮਾਰਗਦਰਸ਼ਨ ਕੀਤਾ।

ਇਸ ਮੌਕੇ ਪ੍ਰਿੰ: ਡਾ. ਕਾਹਲੋਂ ਨੇ ਵਿਭਾਗ ਦੀ ਮੁਖੀ ਡਾ. ਸਾਨੀਆ ਮਰਵਾਹਾ ਨੂੰ ਅਜਿਹੇ ਦੌਰਿਆਂ ਦਾ ਆਯੋਜਨ ਕਰਨ ਦੀ ਸ਼ਲਾਘਾ ਕਰਦਿਆਂ ਮੁਬਾਰਕਬਾਦ ਦਿੱਤੀ। ਇਸ ਮੌਕੇ ਡਾ. ਮਰਵਾਹਾ ਨੇ ਕਿਹਾ ਕਿ ਰੇਡੀਓ ਸਟੇਸ਼ਨ ਵਿਭਿੰਨ ਭਾਈਚਾਰਿਆਂ ਦੀ ਸੇਵਾ ਕਰਦੇ ਹਨ ਅਤੇ ਪ੍ਰੋਗਰਾਮਾਂ, ਦ੍ਰਿਸ਼ਟੀਕੋਣਾਂ ਤੇ ਸਮੱਗਰੀ ਦੀ ਇਕ ਵਿਸ਼ਾਲ ਕਿਸਮ ਦੀ ਪੇਸ਼ਕਸ਼ ਕਰਦੇ ਹਨ। ਇਸ ਮੌਕੇ ਪ੍ਰੋ: ਜਾਹਨਵੀ ਰਾਜਪੂਤ, ਪ੍ਰੋ: ਆਸ਼ੂਤੋਸ਼ ਠਾਕੁਰ ਵੀ ਮੌਜੂਦ ਸਨ।




# ਰੋਬੋਟਿਕ ਆਰਥਰੋਪਲਾਸਟੀ ਸੈਂਟਰ ਲਾਂਚ ਕੀਤਾ




ਮੋਹਾਲੀ: (ਲੋਕ ਬਾਣੀ) ਪਾਰਕ ਗ੍ਰੀਸ਼ੀਅਨ ਹਸਪਤਾਲ ਨੇ ਅਤਿ ਆਧੁਨਿਕ ਰੋਬੋਟਿਕ ਆਰਥਰੋਪਲਾਸਟੀ ਸੈਂਟਰ ਆਫ ਐਕਸੀਲੈਂਸ ਲਾਂਚ ਕੀਤਾ ਹੈ।

ਸੈਂਟਰ ਦੇ ਚੇਅਰਮੈਨ ਅਤੇ ਡਾਇਰੈਕਟਰ ਡਾ ਭਾਨੂ ਪ੍ਰਤਾਪ ਸਿੰਘ ਸਲੂਜਾ ਨੇ ਕਿਹਾ ਕਿ ਸੈਂਟਰ ਅਤਿ-ਆਧੁਨਿਕ ਰੋਬੋਟਿਕ ਤਕਨਾਲੋਜੀ ਨਾਲ ਲੈਸ ਹੈ, ਜਿਸ ਵਿੱਚ ਰੋਬੋ ਸੂਟ, ਰੋਬੋ 3ਡੀ, ਰੋਬੋ ਆਈ ਅਤੇ ਰੋਬੋ ਆਰਮ ਵਰਗੀਆਂ ਉੱਨਤ ਵਿਸ਼ੇਸ਼ਤਾਵਾਂ ਸ਼ਾਮਲ ਹਨ। ਇਹ ਨਵੀਨਤਮ ਤਕਨਾਲੋਜੀਆਂ ਬੇਮਿਸਾਲ ਸ਼ੁੱਧਤਾ, ਕੁਸ਼ਲਤਾ ਅਤੇ ਸ਼ਾਨਦਾਰ ਮਰੀਜ਼ਾਂ ਦੇ ਨਤੀਜਿਆਂ ਨਾਲ ਸਰਜਰੀ ਨੂੰ ਸੰਭਵ ਬਣਾਉਂਦੀਆਂ ਹਨ।

ਡਾ ਸਲੂਜਾ ਨੇ ਕਿਹਾ, ਅਡਵਾਂਸਡ ਰੋਬੋਟਿਕ ਟੈਕਨਾਲੋਜੀ ਦੇ ਜ਼ਰੀਏ, ਜੁਆਇੰਟ ਰਿਪਲੇਸਮੈਂਟ ਹੁਣ ਪਹਿਲਾਂ ਨਾਲੋਂ ਤੇਜ਼, ਸੁਰੱਖਿਅਤ ਅਤੇ ਵਧੇਰੇ ਪ੍ਰਭਾਵਸ਼ਾਲੀ ਹੋਵੇਗਾ। ਮਰੀਜ਼ ਕੁਝ ਘੰਟਿਆਂ ਦੇ ਅੰਦਰ ਸੈਰ ਕਰਨ ਦੇ ਯੋਗ ਹੋ ਜਾਵੇਗਾ।

ਰੋਬੋਟਿਕ ਆਰਥਰੋਪਲਾਸਟੀ ਸੈਂਟਰ ਵਿੱਚ ਰੋਬੋਟਿਕ ਕਮਰ ਅਤੇ ਗੋਡੇ ਬਦਲਣ, ਗੁੰਝਲਦਾਰ ਸੰਸ਼ੋਧਨ ਸਰਜਰੀਆਂ, ਸਪੋਰਟਸ ਮੈਡੀਸਨ ਅਤੇ ਆਰਥਰੋਸਕੋਪੀ, ਮੋਢੇ, ਕੂਹਣੀ ਅਤੇ ਗਿੱਟੇ ਦੇ ਜੋੜਾਂ ਨੂੰ ਬਦਲਣ ਅਤੇ ਆਰਥੋਪੈਡਿਕਸ ਅਤੇ ਟਰੌਮਾ ਕੇਅਰ ਦੀਆਂ ਸਹੂਲਤਾਂ ਹੋਣਗੀਆਂ।

ਰੋਬੋਟਿਕ ਤਕਨਾਲੋਜੀ ਦੇ ਜ਼ਰੀਏ, ਮਰੀਜ਼ਾਂ ਨੂੰ ਹਸਪਤਾਲ ਵਿਚ ਥੋੜ੍ਹੇ ਸਮੇਂ ਵਿਚ ਰਹਿਣ, ਘੱਟ ਦਰਦ ਅਤੇ ਤੇਜ਼ੀ ਨਾਲ ਰਿਕਵਰੀ ਦਾ ਫਾਇਦਾ ਹੋਵੇਗਾ।

ਪਾਰਕ ਮੋਹਾਲੀ ਪਹਿਲੇ 100 ਮਰੀਜ਼ਾਂ ਨੂੰ ਮੁਫਤ ਰੋਬੋਟਿਕ ਤਕਨੀਕ ਪ੍ਰਦਾਨ ਕਰਨ ਵਾਲਾ ਪਹਿਲਾ ਕੇਂਦਰ ਬਣ ਗਿਆ ਹੈ। ਇਸ ਪਹਿਲਕਦਮੀ ਦੇ ਤਹਿਤ ਮਰੀਜ਼ਾਂ ਨੂੰ ਸਿਰਫ਼ ਇਲਾਜ ਪੈਕੇਜ ਦਾ ਖਰਚਾ ਹੀ ਚੁੱਕਣਾ ਪਵੇਗਾ, ਜਦਕਿ ਰੋਬੋ 3ਡੀ, ਰੋਬੋ ਆਰਮ ਅਤੇ ਰੋਬੋ ਆਈ ਵਰਗੀਆਂ ਰੋਬੋਟਿਕ ਤਕਨੀਕਾਂ ਪੂਰੀ ਤਰ੍ਹਾਂ ਮੁਫ਼ਤ ਦਿੱਤੀਆਂ ਜਾਣਗੀਆਂ। ਇਸ ਪਹਿਲਕਦਮੀ ਦਾ ਉਦੇਸ਼ ਸਮਾਜ ਦੇ ਹਰ ਵਰਗ ਨੂੰ ਅਤਿ-ਆਧੁਨਿਕ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ।

# ਡੀ.ਡੀ.ਓਜ਼ ਕਰਮਚਾਰੀਆਂ ਦੇ ਆਮਦਨ ਕਰ ਦੇ ਦਸਤਾਵੇਜਾਂ ਦੀ ਮੁਕੰਮਲ ਜਾਂਚ ਕਰਨ - ਐਡੀਸ਼ਨਲ ਕਮਿਸ਼ਨਰ ਆਮਦਨ ਕਰ

ਅੰਮ੍ਰਿਤਸਰ (ਲੋਕ ਬਾਣੀ)

ਆਮਦਨ ਕਰ ਵਿਭਾਗ ਅੰਮ੍ਰਿਤਸਰ ਵਲੋਂ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡੀ.ਡੀ.ਓਜ਼/ਜਿਲ੍ਹਾ ਅਧਿਕਾਰੀਆਂ ਨੂੰ ਆਮਦਨ ਕਰ ਸਬੰਧੀ ਜਾਣਕਾਰੀ ਦੇਣ ਲਈ ਇਕ ਵਿਸ਼ੇਸ਼ ਸੈਮੀਨਾਰ ਆਯੋਜਿਤ ਕੀਤਾ ਗਿਆ।

ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਐਡੀਸ਼ਨਲ ਕਮਿਸ਼ਨਰ ਆਮਦਨ ਕਰ ਰੇਂਜ-1 ਸ੍ਰੀ ਮਨਪ੍ਰੀਤ ਸਿੰਘ ਦੁੱਗਲ ਨੇ ਡੀ.ਡੀ.ਓਜ਼/ਜਿਲ੍ਹਾ ਅਧਿਕਾਰੀਆਂ ਨੂੰ ਕਿਹਾ ਕਿ ਹਰ ਵਿੱਤੀ ਵਰ੍ਹੇ ਦੌਰਾਨ ਅਧਿਕਾਰੀਆਂ ਵਲੋਂ ਮੁਲਾਜ਼ਮਾਂ ਨੂੰ ਆਮਦਨ ਕਰ ਸਬੰਧੀ 16 ਨੰਬਰ ਫਾਰਮ 31 ਮਈ ਤੱਕ ਮੁਹੱਈਆ ਕਰਵਾਉਣਾ ਜ਼ਰੂਰੀ ਹੁੰਦਾ ਹੈ। ਉਨਾਂ ਕਿਹਾ ਕਿ ਇਸ ਕੰਮ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਕਿ ਫਾਰਮ ਨੰਬਰ 16 ਅਤੇ 26ਏ.ਐਸ. ਦੋਨਾਂ ਫਾਰਮਾਂ ਵਿੱਚ ਸਮਾਨਤਾ ਹੋਣੀ ਚਾਹੀਦੀ ਹੈ। ਉਨਾਂ ਕਿਹਾ ਕਿ ਆਮ ਵੇਖਣ ਵਿੱਚ ਆਇਆ ਹੈ ਕਿ ਅਧਿਕਾਰੀਆਂ ਵਲੋਂ ਕਰਮਚਾਰੀਆਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਦੀ ਮੁਕੰਮਲ ਜਾਂਚ ਨਹੀਂ ਕੀਤੀ ਜਾਂਦੀ ਅਤੇ ਕਈ ਕਰਮਚਾਰੀ ਗਲਤ ਜਾਣਕਾਰੀ ਦੇ ਕੇ ਆਪਣਾ ਟੈਕਸ ਬਚਾਉਣ ਦੀ ਕੋਸ਼ਿਸ਼ ਕਰਦੇ ਹਨ। ਸ੍ਰੀ ਦੁੱਗਲ ਨੇ ਕਿਹਾ ਕਿ ਹਰੇਕ ਵਿਭਾਗ ਵਲੋਂ ਕਰਮਚਾਰੀਆਂ ਦੀ ਤਿਮਾਹੀ ਆਮਦਨ ਕਰ ਸਬੰਧੀ ਰਿਪੋਰਟ ਜਮ੍ਹਾ ਕਰਵਾਉਣੀ ਜ਼ਰੂਰੀ ਹੁੰਦੀ ਹੈ। ਉਨਾਂ ਅਧਿਕਾਰੀਆਂ /ਕਰਮਚਾਰੀਆਂ ਨੂੰ ਇਕ ਪੀ.ਪੀ.ਟੀ. ਰਾਹੀਂ ਆਮਦਨ ਕਰ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ।

ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਡਿਪਟੀ ਕਮਿਸ਼ਨਰ ਆਮਦਨ ਕਰ ਮੈਡਮ ਗੁਲਜਰੀਨ ਅਖ਼ਤਰ ਨੇ ਕਿਹਾ ਕਿ ਕਈ ਕਰਮਚਾਰੀਆਂ ਵਲੋਂ ਗਲਤ ਤਰੀਕੇ ਨਾਲ ਆਮਦਨ ਕਰ ਸਬੰਧੀ ਰਿਫੰਡ ਲੈ ਲਏ ਜਾਂਦੇ ਹਨ, ਜੋ ਕਿ ਪੂਰੀ ਤਰ੍ਹਾਂ ਗੈਰ ਉਚਿਤ ਹਨ। ਉਨਾਂ ਕਿਹਾ ਕਿ ਗਲਤ ਤਰੀਕੇ ਨਾਲ ਰਿਫੰਡ ਲੈਣ ਵਾਲੇ ਕਰਮਚਾਰੀਆਂ ਨੂੰ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਜਾਂ ਵੱਡੀ ਪੱਧਰ ਤੇ ਜ਼ੁਰਮਾਨਾ ਲੱਗ ਸਕਦਾ ਹੈ। ਉਨਾਂ ਕਿਹਾ ਕਿ ਕਈ ਵਾਰ ਕੁਝ ਕਰਮਚਾਰੀ ਗਲਤ ਏਜੰਟਾਂ ਦੇ ਹੱਥਾਂ ਵਿੱਚ ਆ ਕੇ ਆਮਦਨ ਕਰ ਸਬੰਧੀ ਗਲਤ ਜਾਣਕਾਰੀ ਦਿੰਦੇ ਹਨ। ਜਿਸ ਤੇ ਵਿਭਾਗ ਵਲੋਂ ਤਿਰਛੀ ਨਜ਼ਰ ਰੱਖੀ ਜਾ ਰਹੀ ਹੈ। ਉਨਾਂ ਕਰਮਚਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਮਦਨ ਕਰ ਧਾਰਾਵਾਂ ਸਬੰਧੀ ਸਹੀ ਅਤੇ ਮੁਕੰਮਲ ਜਾਣਕਾਰੀ ਹੀ ਦੇਣ ਅਤੇ ਨਿਰਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਆਪਣੇ ਆਮਦਨ ਕਰ ਸਬੰਧੀ ਸਟੇਟਮੈਂਟ ਫਾਈਲ ਕਰਨ। ਇਸ ਮੌਕੇ ਕਈ ਅਧਿਕਾਰੀਆਂ ਵਲੋਂ ਕੁਝ ਸ਼ੰਕਾਵਾਂ ਸਬੰਧੀ ਆਮਦਨ ਕਰ ਅਧਿਕਾਰੀਆਂ ਵਲੋਂ ਜਾਣਕਾਰੀ ਵੀ ਲਏ ਗਈ ਅਤੇ ਮੌਕੇ ਤੇ ਹੀ ਉਨਾਂ ਦੀਆਂ ਸ਼ੰਕਾਵਾ ਨੂੰ ਦੂਰ ਕੀਤਾ ਗਿਆ।



ਇਸ ਮੌਕੇ ਸ੍ਰੀਮਤੀ ਗੁਰਸਿਮਰਨ ਕੌਰ ਸਹਾਇਕ ਕਮਿਸ਼ਨਰ ਜਨਰਲ, ਸ੍ਰੀ ਇੰਦਰਪਾਲ ਸਿੰਘ ਸੀਨੀਅਰ ਕਮਾਂਡੈਂਟ ਸੀ.ਆਈ.ਐਸ.ਐਫ., ਮੈਡਮ ਰਾਜਵਿੰਦਰ ਕੌਰ ਤਹਿਸੀਲਦਾਰ, ਜਸਬੀਰ ਸਿੰਘ ਸੰਧੂ ਨਾਇਬ ਤਹਿਸੀਲਦਾਰ ਮਜੀਠਾ, ਸ: ਅਮਰਜੀਤ ਸਿੰਘ ਤਹਿਸੀਲਦਾਰ ਲੋਪੋਕੇ, ਹਰਦੇਵ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ, ਮੈਡਮ ਮੀਨਾ ਦੇਵੀ ਸ.ਡੀ.ਪੀ.ਓ., ਸ: ਇੰਦਰਜੀਤ ਸਿੰਘ ਇਲੈਕਸ਼ਨ ਤਹਿਸੀਲਦਾਰ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

## ਕਾਵਿ ਵਿਅੰਗ

## ,,*ਹਾਲਾਤ ਮੇਰੇ ਦੇਸ਼ ਦੇ*,,

ਅੰਬਰ ਵੇਲ ਵਾਂਗ ਆਬਾਦੀ ਵਧੀ ਜਾਵੇ,
ਦਿੱਤੇ ਸਾਰੇ ਮੁਲਖ਼ ਪਛਾੜ ਮੀਆਂ।
ਅਰਥਚਾਰਾ ਦਿਨੋਂ ਦਿਨ ਘਟੀ ਜਾਵੇ,
ਕਰਨ ਝੂਠਾਂ ਦੀ ਨੇਤਾ ਬਛਾੜ ਮੀਆਂ।
ਮਾਰ ਮਹਿੰਗਾਈ ਦੀ ਪਵੇ ਸਭ ਤਾਂਈ,
ਬੈਠੇ ਦੁਕਾਨਾਂ ਛੱਡ ਕਰਾੜ ਮੀਆਂ।
ਘਰੋਂ ਬਾਹਰ ਹੋਇਆ ਦੇਸ਼ ਫਿਰਦਾ,
ਦਿੱਤੀ ਭੁੱਖਮਰੀ ਘਰੀਂ ਵਾੜ ਮੀਆਂ।
ਇੱਥੇ ਹਰ ਕੋਈ ਚੀਕਾਂ ਮਾਰਦਾ ਏ,
ਦਿੱਤਾ ਜੰਡ ਤੇ ਸਭ ਨੂੰ ਚਾੜ੍ਹ ਮੀਆਂ।
ਨੰਬਰ ਇੱਕ ਤੇ ਕਹਿਣ ਦੇਸ਼ ਸਾਡਾ,
ਕੰਨ ਲੋਕਾਂ ਦੇ ਦਿੰਦੇ ਪਾੜ ਮੀਆਂ।
ਕਦੇ ਪੁੱਛੋ ਖਾਂ ਜੋ ਥੱਲੇ ਰਹਿਣ ਲੋਕੀ,
ਕਿਵੇਂ ਕੱਟਦੇ ਸਿਆਲ ਤੇ ਹਾੜ ਮੀਆਂ।
ਓ, ਮੰਦਹਾਲੀ ਨੇ ਲੋਕ ਨਸ਼ੱਈ ਕਰਤੇ,
ਲੀਡਰ ਲੰਘਦੇ ,ਪੱਤੋ, ਲਤਾੜ ਮੀਆਂ।

**ਹਰਪ੍ਰੀਤ ਪੱਤੋ ਪਿੰਡ ਪੱਤੋ ਹੀਰਾ ਸਿੰਘ ਮੋਗਾ**

## ਮਦਰਸਾ ਅਰਬੀਆ ਹਿਫਜ਼ੁਲ ਕੁਰਆਨ ਦਾ ਸਲਾਨਾ ਸਮਾਗਮ ਦਾ ਆਯੋਜਨ ਕੀਤਾ ਗਿਆ



ਮਾਲੇਰਕੋਟਲਾ (ਲੋਕ ਬਾਣੀ) ਮਦਰਸਾ ਅਰਬੀਆ ਹਿਫਜ਼ੁਲ ਕੁਰਆਨ ਦਾ ਸਲਾਨਾ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੁਫਤੀ ਯੂਸਫ ਸਾਹਿਬ ਦਾਰੁਲ ਅਲੂਮ ਦਿਓਬੰਦ ਤੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ 13 ਵਿੱਦਿਆਰਥੀਆਂ ਦੇ ਸਿਰ ਤੇ ਦਸਤਾਰ ਸਜਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਫਤੀ ਦਿਲਸ਼ਾਦ ਕਾਸੀ ਨੇ ਦੱਸਿਆ ਕਿ ਮਦਰਸੇ ਵਿੱਚੋਂ ਹਰੇਕ ਸਾਲ 10-15 ਵਿੱਦਿਆਰਥੀ ਹਾਫਿਜ਼ ਬਣ ਕੇ ਨਿਕਲਦੇ ਹਨ ਜੋ ਕਿ ਦੀਨ ਦੀ ਸੇਵਾ ਕਰਦੇ ਹਨ ਉਹਨਾਂ ਕਿਹਾ ਕਿ ਆਓਣ ਵਾਲੇ ਸਾਲ ਤੋਂ ਮੁਕੱਮਲ ਆਲਮੀਅਤ ਦਾ ਕੋਰਸ ਉਕਤ ਅਦਾਰੇ ਵਿੱਚ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮਦਰਸੇ ਦੇ ਮੈਂਮਬਰ ਜਨਾਬ ਮੁਹੰਮਦ ਸ਼ਮਸ਼ਾਦ ਨੇ ਕਿਹਾ ਕਿ ਅਦਾਰਾ ਲੰਮੇ ਸਮੇਂ ਤੋਂ ਦੀਨ ਦੀ ਸੇਵਾ ਕਰਦਾ ਆ ਰਿਹਾ ਹੈ ਜੋ ਕਿ ਇੱਕ ਮਾਨ ਵਾਲੀ ਗੱਲ ਹੈ ਉਹਨਾਂ ਕਿਹਾ ਕਿ ਮਦਰਸੇ ਵਿੱਚੋਂ ਹਾਫਿਜ਼ ਬਣ ਕੇ ਜਾਣ ਵਾਲੇ ਵਿੱਦਿਆਰਥੀ ਸਾਰੀ ਜਿੰਦਗੀ ਦੀਨ ਦੀ ਸੇਵਾ ਕਰਦੇ ਹਨ। ਹਜ਼ਰਤ ਮੁਹੰਮਦ (ਸ) ਵਾਰੇ ਬੋਲਦਿਆਂ ਉਹਨਾਂ ਕਿਹਾ ਕਿ ਹਜ਼ਰਤ ਮੁਹੰਮਦ (ਸ) ਸਿਰਫ ਮੁਸਲਮਾਨਾ ਲਈ ਹੀ ਨਹੀਂ ਸਗੋ ਪੂਰੀ ਇਨਸਾਨੀਅਤ ਲਈ ਰਹਿਮਤ ਬਣ ਕੇ ਇਸ ਦੁਨੀਆਂ ਵਿੱਚ ਤਸ਼ਰੀਫ ਲੈ ਕੇ ਆਏ ਸਨ ਜਿਨ੍ਹਾ ਨੇ ਜਿੰਦਗੀ ਜਿਓਣ ਦਾ ਤਰੀਕਾ ਸਿਖਾਇਆ। ਉਹਨਾਂ ਕਿਹਾ ਕਿ ਉਕਤ ਅਦਾਰਾ ਪੰਜਾਬ ਦਾ ਸਭ ਤੋਂ ਪੁਰਾਣਾ ਮਦਰਸਾ ਹੈ ਜੋ ਕਿ ਨਾਂ ਸਿਰਫ ਪੰਜਾਬ ਬਲਕਿ ਹੋਰ ਸੂਬਿਆਂ ਦੀਆਂ ਦੀਨੀ ਜ਼ਰੂਰਤਾਂ ਨੂੰ ਪੂਰਾ ਕਰਦਾ ਆ ਰਿਹਾ ਹੈ।

## ਗੁਰਦੁਆਰਾ ਸਮਾਧਾ ਬਾਬਾ ਨੌਧ ਸਿੰਘ ਵਿਖੇ 23 ਨੂੰ ਮਨਾਇਆ ਜਾਵੇਗਾ ਸਾਲਾਨਾ ਜੋੜ ਮੇਲਾ:ਜਥੇਦਾਰ ਬਾਬਾ ਜੋਗਾ ਸਿੰਘ

ਅੰਮ੍ਰਿਤਸਰ (ਲੋਕ ਬਾਣੀ) )ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਦੇ ਪਹਿਲੇ ਮੁੱਖੀ ਧੰਨ ਧੰਨ ਬਾਬਾ ਦੀਪ ਸਿੰਘ ਜੀ ਅਤੇ ਧੰਨ ਧੰਨ ਬਾਬਾ ਨੌਧ ਸਿੰਘ ਜੀ ਸ਼ਹੀਦ ਦੀ ਪਵਿੱਤਰ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ 23 ਫਰਵਰੀ ਦਿਨ ਐਤਵਾਰ ਨੂੰ ਸਲਾਨਾ ਜੋੜ ਮੇਲਾ ਸਿੰਘ ਸਾਹਿਬ ਜੱਥੇਦਾਰ ਬਾਬਾ ਜੋਗਾ ਸਿੰਘ ਜੀ ਅਤੇ ਸੰਤ ਬਾਬਾ ਗੁਰਦੇਵ ਸਿੰਘ ਜੀ ਸ਼ਹੀਦੀ ਬਾਗ਼ ਅੰਨਦਪੁਰ ਸਾਹਿਬ ਦੀ ਰਹਿਨੁਮਾਈ ਹੇਠ ਅਤੇ ਸਮੂਹ ਸੰਗਤਾ ਦੇ ਸਹਿਯੋਗ ਸਦਕਾ ਗੁਰਦਆਰਾ ਸਮਾਧਾ ਬਾਬਾ ਨੌਧ ਸਿੰਘ ਜੀ ਪਿੰਡ ਚੱਬਾ ਤਰਨ ਤਾਰਨ ਰੋਡ ਅੰਮ੍ਰਿਤਸਰ ਵਿਖੇ ਬੜੀ ਸਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਾਣਕਾਰੀ ਦਿੰਦਿਆ ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ 16ਵੇ ਮੁੱਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਜੀ ਨੇ ਦੱਸਿਆ ਕਿ 21 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ ਅਤੇ 23 ਫਰਵਰੀ ਨੂੰ ਭੋਗ ਉਪਰੰਤ ਪੰਥ ਪ੍ਰਸਿੱਧ ਰਾਗੀ ਅਤੇ ਕਥਾ ਵਾਚਕ ਸੰਗਤਾ ਨੂੰ ਗੁਰਬਾਣੀ ਰਸ ਨਾਲ ਜੋੜਨਗੇ ਅਤੇ 23 ਫਰਵਰੀ ਨੂੰ ਦੁਪਹਿਰ 2 ਵਜੇ ਗੱਤਕੇ ਮੁਕਾਬਲੇ ਉਪਰੰਤ ਦਲ ਪੰਥ ਵਲੋ ਘੋੜ ਸਵਾਰੀ,ਨੇਜੇ ਬਾਜੀ ਦੇ ਜੌਹਰ ਵਿਖਾਏ ਜਾਣਗੇ ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ ॥

## ਮਿਸ ਕਿਰਨ ਜਯੋਤੀ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਵੱਲੋਂ ਬਿਰਧ ਆਸ਼ਰਮ ਦਾ ਦੌਰਾ ਕਰਕੇ ਬਜ਼ੁਰਗਾਂ ਦੀਆਂ ਸੁਣੀਆਂ ਮੁਸ਼ਕਿਲਾਂ



ਮੋਗਾ, (ਲੋਕ ਬਾਣੀ)
ਸ਼੍ਰੀ ਸਰਬਜੀਤ ਸਿੰਘ ਧਾਲੀਵਾਲ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਦੀ ਅਗਵਾਈ ਹੇਠ ਅਤੇ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ ਕਿਰਨ ਜਯੋਤੀ, ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨੇ ਬਿਰਧ ਆਸ਼ਰਮ ਗੁਰਦੁਆਰਾ ਚੰਦ ਪੁਰਾਣਾ ਮੋਗਾ ਦਾ ਦੌਰਾ ਕਰਕੇ ਬਜ਼ੁਰਗਾਂ ਦੀਆਂ ਮੁਸ਼ਕਿਲਾਂ ਸੁਣੀਆਂ।
ਇਸ ਮੌਕੇ ਤੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨੇ ਮੀਟਿੰਗ ਦੌਰਾਨ ਬਜ਼ੁਰਗਾਂ ਦਾ ਹਾਲ-ਚਾਲ ਪੁੱਛਿਆ ਅਤੇ ਉਨ੍ਹਾਂ ਨੇ ਦੱਸਿਆ ਕਿ ਸੀਨੀਅਰ ਸਿਟੀਜ਼ਨ ਐਕਟ-2007 ਤਹਿਤ ਹਰੇਕ ਬਜ਼ੁਰਗ ਨੂੰ ਆਪਣੇ ਬੱਚਿਆਂ ਤੋਂ ਖਰਚਾ ਲੈਣ ਦਾ ਅਧਿਕਾਰ ਹੈ। ਉਨ੍ਹਾਂ ਦੱਸਿਆ ਕਿ ਬਜ਼ੁਰਗ ਸਿਰਫ਼ ਆਪਣੇ ਪੁੱਤਰਾਂ ਤੋਂ ਹੀ ਨਹੀਂ ਸਗੋਂ ਧੀਆਂ ਤੋਂ ਵੀ ਖ਼ਰਚਾ ਲੈਣ ਦੇ ਹੱਕਦਾਰ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜਿਹੜੇ ਬਜ਼ੁਰਗ ਆਪਣੀ ਜਾਇਦਾਦ ਆਪਣੇ ਬੱਚਿਆਂ ਦੇ ਨਾਂ ਤੇ ਟਰਾਂਸਫਰ ਕਰਵਾਉਂਦੇ ਹਨ,ਪਰ ਬਾਅਦ ਵਿੱਚ ਬੱਚੇ ਬਜ਼ੁਰਗਾਂ ਨੂੰ ਖਰਚਾ ਹੀ ਨਹੀਂ ਦਿੰਦੇ ਸਗੋਂ ਘਰੋਂ ਕੱਢ ਦਿੰਦੇ ਹਨ, ਅਜਿਹੇ ਚ ਬਜ਼ੁਰਗ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨਾਲ ਸੰਪਰਕ ਕਰ ਸਕਦੇ ਹਨ ਅਤੇ ਉਹਨਾਂ ਦੀ ਜਾਇਦਾਦ ਨੂੰ ਮੁੜ ਪ੍ਰਾਪਤ ਕਰਨ ਲਈ ਮੁਫ਼ਤ ਕਾਨੂੰਨੀ ਸਹਾਇਤਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਵੱਲੋਂ ਹਰੇਕ ਬਜ਼ੁਰਗ ਵਿਅਕਤੀ/ਔਰਤ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ,ਜਿਸ ਵਿੱਚ ਵਕੀਲ ਦਾ ਸਾਰਾ ਖਰਚਾ ਅਤੇ ਕਾਗਜ਼ਾਤ ਅਥਾਰਟੀ ਵੱਲੋ ਦਿੱਤਾ ਜਾਂਦਾ ਹੈ। ਇਸ ਮੌਕੇ ਜੱਜ ਸਾਹਿਬ ਨੇ ਬਜ਼ੁਰਗਾਂ ਤੋਂ ਆਸ਼ਰਮ ਦੇ ਪ੍ਰਬੰਧਾਂ ਬਾਰੇ ਵੀ ਪੁੱਛਗਿੱਛ ਕੀਤੀ,ਜਿਸ ਦੇ ਬਜ਼ੁਰਗਾਂ ਵੱਲੋਂ ਤਸੱਲੀਬਖਸ਼ ਜਵਾਬ ਦਿੱਤੇ ਗਏ।

ਮਿਸ ਕਿਰਨ ਜਯੋਤੀ ਸੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਬਜ਼ੁਰਗਾਂ ਨਾਲ ਗੱਲਬਾਤ ਕਰਦੇ ਹੋਏ।

## 15 ਫਰਵਰੀ ਨੂੰ ਕਲੇਰ ਕੰਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਣ ਮਹੁੱਲਾ ਭੀਮ ਨਗਰ ਵਿਖੇ ਕਰਨਗੇ ਗੁਣਗਾਨ



ਹੁਸ਼ਿਆਰਪੁਰ (ਲੋਕ ਬਾਣੀ)ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਦੇ ਪ੍ਰੈਜੀਡੈਂਟ ਲੰਬੜਦਾਰ ਰਣਜੀਤ ਸਿੰਘ ਰਾਣਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਹਰ ਸਾਲ ਦੀ ਤਰਾ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦਾ 648ਵਾ ਜਨਮ ਦਿਵਸ ਮਹੁੱਲਾ ਭੀਮ ਨਗਰ ਪੁਰਹੀਰਾਂ ਹੁਸ਼ਿਆਰਪੁਰ ਵਿਖੇ ਮਨਾਇਆ ਜਾ ਰਿਹਾ ਹੈ । ਇਸ ਮੋਕੇ 12 ਫਰਵਰੀ ਨੂੰ ਸ੍ਰੀ ਗੁਰੂ ਰਵਿਦਾਸ ਭਵਨ ਮਹੁੱਲਾ ਭੀਮ ਨਗਰ ਵਿਖੇ ਨਿਸ਼ਾਨ ਸਾਹਿਬ ਚੜਾਇਆ ਜਾਵੇਗਾ ਤੇ 13 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਹਿਬ ਜੀ ਦਾ ਪਾਠ ਆਰੰਭ ਕੀਤਾ ਜਾਵੇਗਾ ਤੇ 15 ਫਰਵਰੀ ਨੂੰ ਭੋਗ ਪੈਣ ਉਪਰੰਤ ਭਾਈ ਸਤਨਾਮ ਸਿੰਘ ਜੀ ਹੁਸੈਨਪੁਰ ਵਾਲੇ ਕੀਰਤਨ ਨਾਲ ਸੰਗਤਾ ਨੂੰ ਨਿਹਾਲ ਕਰਨਗੇ । ਉਹਨਾ ਤੋ ਬਾਅਦ ਇੰਟਰਨੈਸ਼ਨਲ ਕਲਾਕਾਰ ਕੰਠ ਕਲੇਰ ਸ੍ਰੀ ਗੁਰੂ ਰਵਿਦਾਸ ਜੀ ਮਹਾਂਰਾਜ ਜੀ ਦੀ ਮਹਿਮਾ ਦਾ ਗੁਣਗਾਣ ਕਰਨਗੇ । ਉਹਨਾਂ ਦੱਸਿਆ ਕੀ ਇਸ ਮੌਕੇ ਗੁਰੂ ਕਾ ਲੰਗਰ ਅਤੁਟ ਵਰਤੇਗਾ । ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤ ਮੁਹੱਲਾ ਭੀਮ ਨਗਰ ਵਲੋ ਸਭ ਸੰਗਤਾ ਹਾਜ਼ਰੀਆਂ ਭਰਨ ਲਈ ਅਪੀਲ ਕੀਤੀ ਗਈ । ਇਸ ਮੋਕੇ ਪ੍ਰੈਜੀਡੈਂਟ ਲੰਬੜਦਾਰ ਰਣਜੀਤ ਸਿੰਘ ਰਾਣਾ, ਚੇਅਰਮੈਂਨ ਦੇਸਰਾਜ, ਵਾਇਸ ਪ੍ਰੈਜੀਡੈਂਟ ਮੇਹਰ ਸਿੰਘ, ਸਕੱਤਰ ਜ਼ਸਪਾਲ, ਕੈਸ਼ੀਅਰ ਰਿਟਾਇਰਡ ਗਿਰਦਾਵਰ ਅਵਤਾਰ ਸਿੰਘ, ਪਰਮਜੀਤ ਇਟਲੀ, ਕੁਲਦੀਪ ਸਿੰਘ ਕਮਲਜੀਤ ਸਿੰਘ ਸੋਨੂੰ, ਮਨਦੀਪ ਕੁਮਾਰ ਜੇ.ਟੀ.ਓ, ਕੁਲਦੀਪ ਸਿੰਘ, ਕੁਲਵੰਤ ਸਿਘ, ਤਰਸੇਮ ਸੋਨੂੰ, ਅਮਰਜੀਤ ਬੱਬਲ, ਸੁਖਵਿੰਦਰ ਸਿੰਘ, ਸਾਗਰ ਤੇ ਨਿੱਕੀ ਵੀ ਹਾਜਰ ਸਨ।








